ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 5 ਸਤੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੨੦ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪੰਜਾਬ ਦੇ ਮੌਜੂਦਾ ਤੇ ਸਾਬਕਾ ਵਿਧਾਇਕਾਂ ਅਤੇ ਸੰਸਦ ਮੈਂਬਰਾਂ ਖਿਲਾਫ਼ ਕਿੰਨੇ ਮਾਮਲੇ ਦਰਜ ? ਹਾਈਕੋਰਟ ਨੇ ਕੇਂਦਰ ਤੋਂ ਮੰਗਿਆ ਵੇਰਵਾ

**ਚੰਡੀਗੜ੍ਹ, 4 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਹਾਈ ਕੋਰਟ ਨੇ ਹੁਣ ਕੇਂਦਰ ਸਰਕਾਰ ਤੋਂ ਆਮਦਨ ਕਰ ਵਿਭਾਗ, ਸੀਬੀਆਈ ਅਤੇ ਈਡੀ ਵੱਲੋਂ ਪੰਜਾਬ ਅਤੇ ਹਰਿਆਣਾ ਦੇ ਮੌਜੂਦਾ ਅਤੇ ਸਾਬਕਾ ਸੰਸਦ ਮੈਂਬਰਾਂ ਅਤੇ ਵਿਧਾਇਕਾਂ ਵਿਰੁੱਧ ਦਾਇਰ ਕੀਤੇ ਗਏ ਸਾਰੇ ਮਾਮਲਿਆਂ ਬਾਰੇ ਪੂਰੀ ਜਾਣਕਾਰੀ ਮੰਗੀ ਹੈ। ਪਹਿਲਾਂ, ਹਾਈ ਕੋਰਟ ਨੇ ਪੰਜਾਬ ਅਤੇ ਹਰਿਆਣਾ ਤੋਂ ਜਾਣਕਾਰੀ ਮੰਗੀ ਸੀ। ਹਰਿਆਣਾ ਨੇ ਜਾਣਕਾਰੀ ਪ੍ਰਦਾਨ ਕੀਤੀ ਸੀ, ਪਰ ਪੰਜਾਬ ਸਰਕਾਰ ਨੇ ਕਿਹਾ ਕਿ ਉਸ ਕੋਲ ਅਜੇ ਪੂਰੀ ਜਾਣਕਾਰੀ ਨਹੀਂ ਹੈ। ਨਤੀਜੇ ਵਜੋਂ, ਹਾਈ ਕੋਰਟ ਨੇ ਹੁਣ ਕੇਂਦਰ ਸਰਕਾਰ ਤੋਂ ਇਹ ਜਾਣਕਾਰੀ ਮੰਗੀ ਹੈ। ਜਾਣਕਾਰੀ ਅਨੁਸਾਰ, ਸੁਪਰੀਮ ਕੋਰਟ ਨੇ 2021 ਵਿੱਚ ਦੇਸ਼ ਦੇ ਸਾਰੇ ਰਾਜਾਂ ਦੀਆਂ ਹਾਈ ਕੋਰਟਾਂ ਨੂੰ ਆਪਣੇ ਅਧਿਕਾਰ ਖੇਤਰ ਅਧੀਨ ਰਾਜਾਂ ਦੇ ਮੌਜੂਦਾ ਅਤੇ ਸਾਬਕਾ ਸੰਸਦ ਮੈਂਬਰਾਂ ਅਤੇ ਵਿਧਾਇਕਾਂ ਵਿਰੁੱਧ ਸਾਰੇ ਲੰਬਿਤ ਅਪਰਾਧਿਕ ਮਾਮਲਿਆਂ ਦੇ ਵੇਰਵੇ ਮੰਗਣ ਅਤੇ ਇਨ੍ਹਾਂ ਮਾਮਲਿਆਂ ਦੀ ਨਿਗਰਾਨੀ ਕਰਨ ਅਤੇ ਇਨ੍ਹਾਂ ਨੂੰ ਜਲਦੀ ਤੋਂ ਜਲਦੀ ਹੱਲ ਕਰਨ ਲਈ ਯਤਨ ਕਰਨ ਦਾ ਹੁਕਮ ਦਿੱਤਾ। ਇਸ ਤੋਂ ਬਾਅਦ, ਹਾਈ ਕੋਰਟ ਨੇ ਨੋਟਿਸ ਲਿਆ ਅਤੇ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਤੋਂ ਵੇਰਵੇ ਮੰਗੇ। ਉਦੋਂ ਤੋਂ, ਹਾਈ ਕੋਰਟ ਇਨ੍ਹਾਂ ਮਾਮਲਿਆਂ ਦੀ ਨਿਗਰਾਨੀ ਕਰ ਰਿਹਾ ਹੈ ਅਤੇ ਸਮੇਂ-ਸਮੇਂ 'ਤੇ ਇਨ੍ਹਾਂ ਮਾਮਲਿਆਂ 'ਤੇ ਸਥਿਤੀ ਰਿਪੋਰਟਾਂ ਦੀ ਬੇਨਤੀ ਕਰ ਰਿਹਾ ਹੈ। ਇਨ੍ਹਾਂ ਅਪਰਾਧਿਕ ਮਾਮਲਿਆਂ ਤੋਂ ਇਲਾਵਾ, ਹਾਈ ਕੋਰਟ ਨੇ ਹੁਣ ਆਮਦਨ ਕਰ ਵਿਭਾਗ, ਸੀਬੀਆਈ ਅਤੇ ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਵੱਲੋਂ ਪੰਜਾਬ ਅਤੇ ਹਰਿਆਣਾ ਦੇ ਮੌਜੂਦਾ ਅਤੇ ਸਾਬਕਾ ਸੰਸਦ ਮੈਂਬਰਾਂ ਅਤੇ ਵਿਧਾਇਕਾਂ ਵਿਰੁੱਧ ਦਾਇਰ ਕੀਤੇ ਗਏ ਮਾਮਲਿਆਂ ਦੇ ਪੂਰੇ ਵੇਰਵੇ ਮੰਗੇ ਹਨ।

## ਮੁੱਖ ਮੰਤਰੀ ਮਾਨ ਦਾ ਵਿਰੋਧ ਕਰਨ ਵਾਲੇ ਨੌਜਵਾਨ ਨੇ ਸੁਣਾਈ ਹੱਡਬੀਤੀ

# 'ਪੁਲਿਸ ਨੇ ਪਹਿਲਾਂ ਚੁਬਾਰੇ, ਫਿਰ ਥਾਣੇ 'ਚ ਟਾਰਚਰ ਕੀਤਾ'

**ਚੰਡੀਗੜ੍ਹ, 4 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਭਗਵੰਤ ਮਾਨ ਦੇ ਸੁਨਾਮ 'ਚ ਪਿੰਡ ਸ਼ੇਰੋਂ ਵਿਖੇ ਸੱਥ ਪ੍ਰੋਗਰਾਮ ਦੌਰਾਨ ਇੱਕ ਸਿੱਖ ਨੌਜਵਾਨ ਦੀ ਪੁਲਿਸ ਵੱਲੋਂ ਕੁੱਟਮਾਰ ਦੇ ਮਾਮਲੇ 'ਚ ਹਸਪਤਾਲ ਦਾਖਲ ਨੌਜਵਾਨ ਨੇ ਵੱਡੇ ਖੁਲਾਸੇ ਕੀਤੇ ਹਨ। ਸਿਵਲ ਹਸਪਤਾਲ 'ਚ ਦਾਖਲ ਮੋਹਨਜੀਤ ਸਿੰਘ ਨੇ ਪੰਜਾਬ ਪੁਲਿਸ 'ਤੇ ਗੰਭੀਰ ਦੋਸ਼ ਲਾਏ ਹਨ। ਦੱਸ ਦਈਏ ਕਿ ਮੋਹਨਜੀਤ ਸਿੰਘ ਦੀ ਸਿਹਤ ਦਾ ਲਗਾਤਾਰ ਵਿਰੋਧੀ ਧਿਰ ਦੇ ਆਗੂਆਂ ਵੱਲੋਂ ਹਾਲ ਜਾਣਿਆ ਜਾ ਰਿਹਾ ਹੈ ਅਤੇ ਕਈ ਲੀਡਰ ਮੌਕੇ 'ਤੇ ਪਹੁੰਚੇ ਹਨ। ਇਸ ਮੌਕੇ ਮੋਹਨਜੀਤ ਸਿੰਘ ਨੇ ਆਪਣੀ ਹੱਡਬੀਤੀ ਸੁਣਾਉਂਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦਾ ਪ੍ਰੋਗਰਾਮ ਚੱਲ ਰਿਹਾ ਸੀ, ਜਿਸ ਦੌਰਾਨ ਉਹ ਮੁੱਖ ਮੰਤਰੀ ਨੂੰ ਪੰਜਾਬ 'ਚੋਂ ਚਿੱਟਾ ਖਤਮ ਕਰਨ ਦੇ ਸਬੰਧ 'ਚ ਸਵਾਲ ਕਰਨੇ ਚਾਹੁੰਦਾ ਸੀ, ਪਰ ਉਸ ਦੀ ਇੱਕ ਨਹੀਂ ਸੁਣੀ ਗਈ, ਸਗੋਂ ਉਸ ਦੇ ਘਰ ਪੁਲਿਸ ਭੇਜ ਦਿੱਤੀ ਗਈ। ਪੁਲਿਸ ਵੱਲੋਂ ਉਸ ਦੇ ਪਰਿਵਾਰਕ ਮੈਂਬਰਾਂ ਨਾਲ ਬੁਰਾ ਵਿਹਾਰ ਕੀਤਾ ਗਿਆ। ਮੋਹਨਜੀਤ ਨੇ ਕਿਹਾ ਕਿ ਇਸ ਪਿੱਛੋਂ ਜਦੋਂ ਉਸ ਨੇ ਆਪਣੀ ਕੋਠੇ ਦੀ ਛੱਤ 'ਤੇ ਚੜ੍ਹ ਕੇ ਮੁੱਖ ਮੰਤਰੀ ਦਾ ਕਾਲੀ ਝੰਡੀ ਨਾਲ ਵਿਰੋਧ ਪ੍ਰਗਟਾਉਣਾ ਸ਼ੁਰੂ ਕੀਤਾ। ਉਸ ਨੇ ਕਿਹਾ ਕਿ ਉਸ ਨੇ ਸ਼ਾਂਤਮਈ ਢੰਗ ਨਾਲ ਵਿਰੋਧ ਪ੍ਰਗਟਾਇਆ, ਪਰ ਪੁਲਿਸ ਨੇ ਉਸ ਨੂੰ ਆ ਕੇ ਫੜ ਲਿਆ। ਫਿਰ ਡੀਐਸਪੀ ਖਹਿਰਾ ਨੇ ਉਥੋਂ ਚੁੱਕ ਕੇ ਕਿਸੇ ਦੇ ਚੁਬਾਰੇ ਵਿੱਚ ਲਿਜਾ ਕੇ ਕੁੱਟਿਆ। ਇਸ ਉਪਰੰਤ ਪੁਲਿਸ ਥਾਣੇ ਲਿਜਾ ਕੇ ਉਸ ਨਾਲ ਦੋ ਹੋਰ ਪੁਲਿਸ ਮੁਲਾਜ਼ਮਾਂ ਨੇ ਉਸ ਦੇ ਕਹਿਣ 'ਤੇ ਤਸ਼ੱਦਦ ਕੀਤਾ ਅਤੇ ਕੇਸਾਂ ਦੀ ਬੇਅਦਬੀ ਵੀ ਕੀਤੀ। ਉਸ ਨੇ ਕਿਹਾ ਕਿ ਪੁਲਿਸ ਨੇ ਟਾਰਚਰ ਕਰਦਿਆਂ ਉਸ ਦੇ ਬਲੇਡ ਮਾਰੇ ਅਤੇ ਜ਼ਖ਼ਮਾਂ ਵਿੱਚ ਲੂਣ ਛਿੜਦਿਆਂ ਅਤੇ ਇਸ ਤਰ੍ਹਾਂ ਹੀ ਸਵੇਰ ਤੋਂ ਭੁੱਖੇ ਭਾਣੇ ਉਸ ਨੂੰ ਘਸੀਟਦੇ ਰਹੇ। ਉਸ ਨੇ ਕਿਹਾ ਕਿ ਪੁਲਿਸ ਮੁਲਾਜ਼ਮ ਕਿਸੇ ਨਾਲ ਫੋਨ 'ਤੇ ਗੱਲ ਕਰ ਰਹੇ ਸਨ ਅਤੇ ਉਸ ਦੀਆਂ ਵੀਡੀਓਜ਼ ਵੀ ਸਾਂਝੀਆਂ ਕਰ ਰਹੇ ਸਨ ਕਿ ਅੱਗੇ ਤੋਂ ਕਿਸੇ ਦਾ ਵਿਰੋਧ ਨਹੀਂ ਕਰੇਗਾ। ਦੱਸ ਦਈਏ ਕਿ ਇਸ ਘਟਨਾ ਦੀ ਸ੍ਰੀ




ਅਕਾਲ ਤਖਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਕੁਲਦੀਪ ਸਿੰਘ ਗੜਗਜ ਨੇ ਵੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ ਅਤੇ ਪੁਲਿਸ ਮੁਲਾਜ਼ਮਾਂ ਖਿਲਾਫ਼ ਕਾਰਵਾਈ ਦੀ ਮੰਗ ਕੀਤੀ ਹੈ। ਇਸ ਦੇ ਨਾਲ ਹੀ ਇਹ ਮਾਮਲਾ ਹੁਣ ਕੌਮੀ ਮਨੁੱਖੀ ਅਧਿਕਾਰ ਕਮਿਸ਼ਨ ਕੋਲ ਵੀ ਪਹੁੰਚ ਗਿਆ ਹੈ।

## ਡਾ. ਗੁਰਪ੍ਰੀਤ ਕੌਰ ਮਾਨ ਨੇ ਬਿਕਰਮ ਮਜੀਠੀਆ ਤੇ ਸੁਖਪਾਲ ਖਹਿਰਾ ਨੂੰ ਭੇਜਿਆ ਨੋਟਿਸ





**ਚੰਡੀਗੜ੍ਹ, 4 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪਤਨੀ ਡਾ. ਗੁਰਪ੍ਰੀਤ ਕੌਰ ਨੇ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਅਤੇ ਕਾਂਗਰਸ ਦੇ ਵਿਧਾਇਕ ਸੁਖਪਾਲ ਸਿੰਘ ਖਹਿਰਾ ਨੂੰ ਕਾਨੂੰਨੀ ਨੋਟਿਸ ਭੇਜਿਆ ਹੈ। ਨੋਟਿਸ ਵਿਚ ਦੋਵਾਂ ਆਗੂਆਂ ਨੂੰ 24 ਘੰਟੇ ਦੇ ਅੰਦਰ-ਅੰਦਰ ਮੁਆਫੀ ਮੰਗਣ ਲਈ ਕਿਹਾ ਗਿਆ ਹੈ। ਨੋਟਿਸ ਵਿਚ ਬਕਾਇਦਾ ਆਖਿਆ ਗਿਆ ਹੈ ਕਿ ਜੇਕਰ ਦੋਵੇਂ ਆਗੂ ਮੁਆਫੀ ਨਹੀਂ ਮੰਗਦੇ ਤਾਂ ਉਨ੍ਹਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਥੇ ਇਹ ਖਾਸ ਤੌਰ 'ਤੇ ਦੱਸਣਯੋਗ ਹੈ ਕਿ ਡਾ. ਗੁਰਪ੍ਰੀਤ ਕੌਰ ਇਸ ਤੋਂ ਪਹਿਲਾਂ ਸਾਬਕਾ ਜਸਟਿਸ ਰਣਜੀਤ ਸਿੰਘ ਨੂੰ ਵੀ ਨੋਟਿਸ ਭੇਜ ਕੇ ਕਾਨੂੰਨੀ ਕਾਰਵਾਈ ਦੀ ਚਿਤਾਵਨੀ ਦੇ ਚੁੱਕੇ ਹਨ ਅਤੇ ਇਹ ਮਾਮਲਾ ਵੀ ਜਸਟਿਸ ਰਣਜੀਤ ਸਿੰਘ ਵੱਲੋਂ ਲਗਾਏ ਦੋਸ਼ਾਂ ਨਾਲ ਜੁੜਿਆ ਹੋਇਆ ਹੈ। ਜਿਨ੍ਹਾਂ ਨੇ ਦਾਅਵਾ ਕੀਤਾ ਸੀ ਕਿ ਡਾ. ਗੁਰਪ੍ਰੀਤ ਕੌਰ ਨੇ ਕਥਿਤ ਤੌਰ 'ਤੇ ਬਲਾਤਕਾਰ ਦੇ ਇਕ ਮਾਮਲੇ ਨੂੰ ਦਬਾਉਣ ਲਈ 5 ਕਰੋੜ ਰੁਪਏ ਦੀ ਮੰਗ ਕੀਤੀ ਸੀ, ਜਿਸ ਵਿਚ ਗੁਰੀ ਚਾਹਲ ਨੂੰ ਮੁੱਖ ਦੋਸ਼ੀ ਵਜੋਂ ਨਾਮਜ਼ਦ ਕੀਤਾ ਗਿਆ ਸੀ ਅਤੇ ਇਕ ਵਪਾਰੀ ਵਿਰੁੱਧ ਕੇਸ ਖਾਰਜ ਕਰਨ ਬਦਲੇ ਪੈਸੇ ਮੰਗੇ ਗਏ ਸਨ। ਇਸ ਮਗਰੋਂ ਬਿਕਰਮ ਸਿੰਘ ਮਜੀਠੀਆ ਨੇ ਇਸ ਮਾਮਲੇ ਸੰਬੰਧੀ ਸੋਸ਼ਲ ਮੀਡੀਆ 'ਤੇ ਇਕ ਕਥਿਤ ਆਡੀਓ-ਵੀਡੀਓ ਕਲਿੱਪ ਪੋਸਟ ਕੀਤਾ ਸੀ। ਮਜੀਠੀਆ ਨੇ ਦਾਅਵਾ ਕੀਤਾ ਕਿ ਵੀਡੀਓ ਵਿਚ ਦੋਸ਼ੀ ਨਾਲ ਜੁੜੇ ਕਥਿਤ ਵਿਚੋਲਿਆਂ ਅਤੇ ਡਾ. ਗੁਰਪ੍ਰੀਤ ਕੌਰ ਦੇ ਇਕ ਰਿਸ਼ਤੇਦਾਰ ਵਿਚਕਾਰ ਵਿੱਤੀ ਲੈਣ-ਦੇਣ ਸੰਬੰਧੀ ਗੱਲਬਾਤ ਸੀ। ਦੂਜੇ ਪਾਸੇ ਸੁਖਪਾਲ ਸਿੰਘ ਖਹਿਰਾ ਡਾ. ਗੁਰਪ੍ਰੀਤ ਕੌਰ ਵੱਲੋਂ ਕਾਨੂੰਨੀ ਨੋਟਿਸ ਭੇਜੇ ਜਾਣ ਦੀ ਪੁਸ਼ਟੀ ਕਰ ਚੁੱਕੇ ਹਨ ਅਤੇ ਉਨ੍ਹਾਂ ਨੇ ਸਾਫ ਆਖਿਆ ਹੈ ਕਿ ਉਹ ਇਸ ਨੋਟਿਸ ਦਾ ਜਵਾਬ ਨਾ ਦੇ ਕੇ ਅਤੇ ਅਦਾਲਤ ਵਿਚ ਇਸ ਦਾ ਜਵਾਬ ਦੇਣਗੇ।

## ਤਬਾਹੀ ਦੇ 9 ਦਿਨਾਂ ਬਾਅਦ ਸੁਰੰਗ 'ਚੋਂ ਜ਼ਿੰਦਾ ਨਿਕਲੇ 2 ਮਜ਼ਦੂਰ

**ਕਾਠਮੰਡੂ, 4 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਨੇਪਾਲ ਵਿੱਚ 26 ਅਗਸਤ ਨੂੰ ਆਏ ਅਚਾਨਕ ਹੜ੍ਹਾਂ ਤੋਂ ਨੌਂ ਦਿਨਾਂ ਬਾਅਦ, ਤ੍ਰਿਸ਼ੂਲੀ-3ਏ ਹਾਈਡ੍ਰੋਪਾਵਰ ਪ੍ਰੋਜੈਕਟ ਦੀ ਇੱਕ ਸੁਰੰਗ ਵਿੱਚੋਂ ਦੋ ਵਿਅਕਤੀਆਂ ਨੂੰ ਜ਼ਿੰਦਾ ਬਚਾਇਆ ਗਿਆ। ਬਚਾਏ ਗਏ ਵਿਅਕਤੀਆਂ ਦੀ ਪਛਾਣ ਮਕੈਨੀਕਲ ਫੋਰਮੈਨ ਸੰਜੇ ਸਾਹ ਅਤੇ ਮਕੈਨੀਕਲ ਸੁਪਰਵਾਈਜ਼ਰ ਕਬੀਰ ਮਹਾਜਨ ਵਜੋਂ ਹੋਈ ਹੈ। ਸੰਜੇ ਸਾਹ ਨੂੰ ਪਹਿਲਾਂ ਸ਼ੁੱਕਰਵਾਰ ਨੂੰ ਬਾਹਰ ਕੱਢਿਆ ਗਿਆ, ਉਸ ਤੋਂ



ਬਾਅਦ ਕਬੀਰ ਮਹਾਜਨ ਨੂੰ ਸੁਰੱਖਿਅਤ ਬਾਹਰ ਕੱਢਿਆ ਗਿਆ। ਬਚਾਅ ਉਦੋਂ ਸੰਭਵ ਹੋਇਆ ਜਦੋਂ ਟੀਮਾਂ ਨੇ ਸੁਰੰਗ ਦੇ ਅੰਦਰੋਂ ਮਨੁੱਖੀ ਆਵਾਜ਼ਾਂ ਸੁਣੀਆਂ। ਬਚਾਅ ਟੀਮ ਨੇ ਅੰਦਰ ਫਸੇ ਲੋਕਾਂ ਨੂੰ ਬੁਲਾਉਂਦੇ ਹੋਏ ਕਿਹਾ, "ਘਬਰਾਓ ਨਾ; ਅਸੀਂ ਤੁਹਾਨੂੰ ਬਚਾਉਣ ਲਈ ਆਏ ਹਾਂ," ਅਤੇ ਅੰਦਰੋਂ ਜਵਾਬ ਮਿਲਿਆ। ਇਸ ਤੋਂ ਬਾਅਦ, ਨੇਪਾਲੀ ਫੌਜ ਅਤੇ ਹਥਿਆਰਬੰਦ ਪੁਲਿਸ ਫੋਰਸ ਨੇ ਕਾਰਵਾਈ ਤੇਜ਼ ਕਰ ਦਿੱਤੀ ਅਤੇ ਸੁਰੰਗ ਦੇ ਅੰਦਰ ਲੋਕਾਂ ਨਾਲ ਸੰਪਰਕ ਸਥਾਪਤ ਕੀਤਾ। ਬਚਾਅ ਟੀਮਾਂ ਨੂੰ ਸ਼ੱਕ ਹੈ ਕਿ ਹੋਰ ਵਿਅਕਤੀ ਅਜੇ ਵੀ ਫਸੇ ਹੋ ਸਕਦੇ ਹਨ, ਇਸ ਲਈ ਖੋਜ ਜਾਰੀ ਹੈ। 26 ਅਗਸਤ ਦੇ ਭਿਆਨਕ ਅਚਾਨਕ ਹੜ੍ਹਾਂ ਨੇ ਤ੍ਰਿਸ਼ੂਲੀ ਨਦੀ ਦੇ ਕੋਰੀਡੋਰ ਵਿੱਚ ਭਾਰੀ ਤਬਾਹੀ ਮਚਾਈ। ਇਸ ਆਫ਼ਤ ਨੇ 1,252 ਲੋਕਾਂ ਦੀ ਜਾਨ ਲੈ ਲਈ ਅਤੇ ਕਈ ਪਣ-ਬਿਜਲੀ ਪ੍ਰੋਜੈਕਟਾਂ ਦੇ ਨਾਲ-ਨਾਲ ਮੁੱਖ ਸੜਕੀ ਸੰਪਰਕਾਂ ਨੂੰ ਤੋੜ ਦਿੱਤਾ। ਚੁਣੌਤੀਪੂਰਨ ਹਾਲਤਾਂ ਦੇ ਵਿਚਕਾਰ, ਬਚਾਅ ਟੀਮਾਂ ਸੁਰੰਗਾਂ ਅਤੇ ਨੁਕਸਾਨੇ ਗਏ ਢਾਂਚਿਆਂ ਵਿੱਚ ਫਸੇ ਹੋਰ ਲੋਕਾਂ ਦੀ ਲਗਾਤਾਰ ਭਾਲ ਕਰ ਰਹੀਆਂ ਹਨ। 26 ਅਗਸਤ ਨੂੰ ਆਏ ਭਿਆਨਕ ਹੜ੍ਹਾਂ ਨੇ ਨੇਪਾਲ ਦੇ ਕਈ ਖੇਤਰਾਂ ਵਿੱਚ ਤਬਾਹੀ ਮਚਾ ਦਿੱਤੀ। ਇਸ ਤੋਂ ਬਾਅਦ, 12 ਪਣ-ਬਿਜਲੀ ਪ੍ਰੋਜੈਕਟਾਂ ਨਾਲ ਜੁੜੇ 900 ਤੋਂ ਵੱਧ ਕਾਮੇ ਲਾਪਤਾ ਹੋ ਗਏ। ਉਨ੍ਹਾਂ ਵਿੱਚੋਂ ਸੈਂਕੜੇ ਸੁਰੰਗਾਂ ਅਤੇ ਭੂਮੀਗਤ ਹਿੱਸਿਆਂ ਵਿੱਚ ਫਸੇ ਹੋਣ ਦਾ ਖਦਸ਼ਾ ਹੈ। ਇਹ ਸ਼ੱਕ ਹੈ ਕਿ ਰਾਸੁਵਾ ਅਤੇ ਨੁਵਾਕੋਟ ਵਿੱਚ ਹੜ੍ਹ ਪ੍ਰਭਾਵਿਤ ਪਣ-ਬਿਜਲੀ ਪ੍ਰੋਜੈਕਟਾਂ ਦੇ ਲਗਭਗ 500 ਲਾਪਤਾ ਕਾਮੇ ਸੁਰੰਗਾਂ ਦੇ ਅੰਦਰ ਫਸੇ ਹੋਏ ਹਨ। ਹੜ੍ਹ ਸ਼ੁਰੂ ਹੋਣ 'ਤੇ ਕੁਝ ਕਾਮਿਆਂ ਨੇ ਮਦਦ ਲਈ ਪੁਕਾਰ ਕੀਤੀ ਸੀ। ਸੁਰੰਗਾਂ ਵਿੱਚੋਂ ਬਚਣ ਵਿੱਚ ਕਾਮਯਾਬ ਹੋਏ ਲੋਕਾਂ ਨੇ ਇਹ ਵੀ ਦੱਸਿਆ ਕਿ ਉਨ੍ਹਾਂ ਦੇ ਬਹੁਤ ਸਾਰੇ ਸਾਥੀ ਅੰਦਰ ਫਸੇ ਰਹੇ। ਆਕਸੀਜਨ ਦੇ ਪੱਧਰ ਦੇ ਡਿੱਗਣ 'ਤੇ ਚਿੰਤਾਵਾਂ ਵਧਦੀਆਂ ਜਾ ਰਹੀਆਂ ਹਨ ਜਿਵੇਂ-ਜਿਵੇਂ ਬਚਾਅ ਕਾਰਜ ਅੱਗੇ ਵਧਦਾ ਜਾ ਰਿਹਾ ਹੈ, ਮਾਹਰ ਸੁਰੰਗਾਂ ਦੇ ਅੰਦਰ ਆਕਸੀਜਨ ਦੇ ਪੱਧਰ ਦੇ ਘਟਣ ਬਾਰੇ ਚਿੰਤਤ ਹਨ। ਇਸ ਨਾਲ ਅੰਦਰ ਫਸੇ ਲੋਕਾਂ ਦੇ ਬਚਣ ਦੀਆਂ ਸੰਭਾਵਨਾਵਾਂ ਵੱਧਦੀਆਂ ਜਾ ਰਹੀਆਂ ਹਨ। ਇਸ ਦੌਰਾਨ, ਸੁਰੰਗ ਦੇ ਅੰਦਰ ਇੱਕ ਤੋਂ ਵੱਧ ਵਿਅਕਤੀਆਂ ਦੀਆਂ ਆਵਾਜ਼ਾਂ ਨੇ ਬਚਾਅ ਟੀਮ ਅਤੇ ਸ਼ਾਮਲ ਪਰਿਵਾਰਾਂ ਲਈ ਉਮੀਦ ਦੀ ਕਿਰਨ ਲੈ ਕੇ ਆਈ ਹੈ। ਨੇਪਾਲੀ ਫੌਜ ਅਤੇ ਹਥਿਆਰਬੰਦ ਪੁਲਿਸ ਫੋਰਸ ਦੀਆਂ ਟੀਮਾਂ ਹੁਣ ਵਿਅਕਤੀਆਂ ਤੱਕ ਪਹੁੰਚਣ ਅਤੇ ਉਨ੍ਹਾਂ ਨੂੰ ਸੁਰੱਖਿਅਤ ਬਾਹਰ ਕੱਢਣ ਲਈ ਕੰਮ ਕਰ ਰਹੀਆਂ ਹਨ।

## ਭਾਰੀ ਮੀਂਹ ਮਗਰੋਂ ਪਾਣੀ 'ਚ 'ਡੁੱਬ' ਗਿਆ ਦਿੱਲੀ ਹਵਾਈ ਅੱਡਾ ! 9 ਉਡਾਣਾਂ ਨੂੰ ਮੋੜਨਾ ਪਿਆ

**ਨਵੀਂ ਦਿੱਲੀ, 4 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਦਿੱਲੀ-ਐਨਸੀਆਰ 'ਚ ਸ਼ੁੱਕਰਵਾਰ ਨੂੰ ਭਾਰੀ ਮੀਂਹ ਅਤੇ ਹਨੇਰੀ ਨੇ ਆਮ ਜਨਜੀਵਨ ਅਤੇ ਹਵਾਈ ਆਵਾਜਾਈ ਨੂੰ ਪ੍ਰਭਾਵਿਤ ਕੀਤਾ। ਦਿੱਲੀ ਦੇ ਇੰਦਰਾ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਚੱਲਣ ਵਾਲੀਆਂ ਨੌਂ ਉਡਾਣਾਂ ਨੂੰ ਦੁਪਹਿਰ 3:30 ਵਜੇ ਤੋਂ 4:30 ਵਜੇ ਦੇ ਵਿਚਕਾਰ ਮੋੜ ਦਿੱਤਾ ਗਿਆ। ਸੂਤਰਾਂ ਅਨੁਸਾਰ ਚਾਰ ਉਡਾਣਾਂ ਨੂੰ ਜੈਪੁਰ, ਚਾਰ ਨੂੰ ਲਖਨਊ ਅਤੇ ਇੱਕ ਨੂੰ ਅਹਿਮਦਾਬਾਦ ਭੇਜਿਆ ਗਿਆ। ਭਾਰੀ ਮੀਂਹ ਤੋਂ ਬਾਅਦ ਆਈਜੀਆਈ ਹਵਾਈ ਅੱਡੇ ਦੇ ਅੰਦਰ ਵੀ ਪਾਣੀ ਭਰਨ



ਦੀ ਰਿਪੋਰਟ ਕੀਤੀ ਗਈ। ਭਾਰੀ ਮੀਂਹ ਕਾਰਨ ਪੱਛਮੀ ਦਿੱਲੀ ਦੇ ਕਈ ਇਲਾਕਿਆਂ ਵਿੱਚ ਸੜਕਾਂ ਪਾਣੀ ਵਿੱਚ ਡੁੱਬ ਗਈਆਂ। ਸਾਗਰਪੁਰ ਵਿੱਚ ਗਾਂਧੀ ਮਾਰਕੀਟ ਸਮੇਤ ਕਈ ਥਾਵਾਂ 'ਤੇ ਪਾਣੀ ਭਰਿਆ ਦੇਖਿਆ ਗਿਆ। ਰਿਹਾਇਸ਼ੀ ਖੇਤਰਾਂ ਦੀਆਂ ਕਈ ਸੜਕਾਂ ਪਾਣੀ ਵਿੱਚ ਡੁੱਬ ਗਈਆਂ, ਹਾਲਾਂਕਿ ਮੁੱਖ ਸੜਕਾਂ 'ਤੇ ਕੋਈ ਵੱਡਾ ਪਾਣੀ ਭਰਨ ਜਾਂ ਟ੍ਰੈਫਿਕ ਜਾਮ ਦੀ ਰਿਪੋਰਟ ਨਹੀਂ ਹੈ। ਮੌਸਮ ਵਿਭਾਗ ਨੇ ਭਵਿੱਖਬਾਣੀ ਕੀਤੀ ਹੈ ਕਿ ਜੇਕਰ ਲੰਬੇ ਸਮੇਂ ਤੱਕ ਮੀਂਹ ਜਾਰੀ ਰਿਹਾ, ਤਾਂ ਪੱਛਮੀ ਦਿੱਲੀ ਦੇ ਕੁਝ ਹਿੱਸਿਆਂ ਵਿੱਚ ਪਾਣੀ ਭਰਨ ਅਤੇ ਟ੍ਰੈਫਿਕ ਜਾਮ ਵਧ ਸਕਦਾ ਹੈ। ਭਾਰਤ ਮੌਸਮ ਵਿਭਾਗ ਨੇ ਦਿੱਲੀ-ਐਨਸੀਆਰ ਦੇ ਕੁਝ ਹਿੱਸਿਆਂ ਵਿੱਚ ਭਾਰੀ ਮੀਂਹ ਲਈ ਲਾਲ ਚੇਤਾਵਨੀ ਜਾਰੀ ਕੀਤੀ ਹੈ। ਸ਼ੁੱਕਰਵਾਰ ਨੂੰ ਸਫਦਰਜੰਗ ਵਿਖੇ ਵੱਧ ਤੋਂ ਵੱਧ ਤਾਪਮਾਨ 32 ਡਿਗਰੀ ਸੈਲਸੀਅਸ ਦੇ ਆਸ-ਪਾਸ ਰਹਿਣ ਦੀ ਉਮੀਦ ਹੈ। ਸਥਾਨਕ ਮੌਸਮ ਦੀ ਭਵਿੱਖਬਾਣੀ ਅਨੁਸਾਰ, ਦਿਨ ਦੌਰਾਨ ਕਈ ਥਾਵਾਂ 'ਤੇ ਗਰਜ-ਤੂਫਾਨ ਅਤੇ ਦਰਮਿਆਨੀ ਤੋਂ ਭਾਰੀ ਬਾਰਿਸ਼ ਹੋ ਸਕਦੀ ਹੈ। ਮੌਸਮ ਵਿਭਾਗ ਦੇ ਅਨੁਸਾਰ, ਸ਼ਨੀਵਾਰ, 5 ਸਤੰਬਰ ਨੂੰ ਹਰਿਆਣਾ, ਚੰਡੀਗੜ੍ਹ ਅਤੇ ਦਿੱਲੀ ਵਿੱਚ ਇੱਕ ਹੋਰ ਦੌਰ ਦੀ ਭਾਰੀ ਬਾਰਿਸ਼ ਹੋਣ ਦੀ ਉਮੀਦ ਹੈ। ਦਿੱਲੀ ਅਤੇ ਪੂਰੇ ਐਨਸੀਆਰ ਵਿੱਚ ਅਲੱਗ-ਥਲੱਗ ਥਾਵਾਂ 'ਤੇ ਗਰਜ-ਤੂਫਾਨ ਦੇ ਨਾਲ ਦਰਮਿਆਨੀ ਬਾਰਿਸ਼ ਹੋਣ ਦੀ ਵੀ ਉਮੀਦ ਹੈ। ਆਈਐਮਡੀ ਨੇ 4 ਅਤੇ 5 ਸਤੰਬਰ ਨੂੰ ਪੱਛਮੀ ਉੱਤਰ ਪ੍ਰਦੇਸ਼ ਲਈ ਭਾਰੀ ਬਾਰਿਸ਼ ਦੀ ਚੇਤਾਵਨੀ ਵੀ ਜਾਰੀ ਕੀਤੀ ਹੈ। ਕਿਉਂਕਿ ਪੱਛਮੀ ਉੱਤਰ ਪ੍ਰਦੇਸ਼ ਦੇ ਬਹੁਤ ਸਾਰੇ ਖੇਤਰ ਐਨਸੀਆਰ ਦਾ ਹਿੱਸਾ ਹਨ, ਇਸ ਲਈ ਇਨ੍ਹਾਂ ਖੇਤਰਾਂ ਵਿੱਚ ਮੀਂਹ ਕਾਰਨ ਪਾਣੀ ਭਰਨ ਅਤੇ ਆਵਾਜਾਈ ਵਿੱਚ ਵਿਘਨ ਪੈਣ ਦੀ ਸੰਭਾਵਨਾ ਹੈ।

# ਲੰਗਰ ਸੇਵਾ 5 ਸਤੰਬਰ ਦਿਨ ਸ਼ਨੀਵਾਰ ਨੂੰ



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਵੱਲੋਂ ਪੰਥਕ ਅਕਾਲੀ ਦਲ ਦੇ ਸਮੂਹ ਅਹੁਦੇਦਾਰਾਂ ਰਾਜਨੀਤਿਕ ਧਾਰਮਿਕ ਅਤੇ ਕਿਸਾਨ ਵਿੰਗ ਦੇ ਸਾਰੇ ਪ੍ਰਧਾਨਾਂ ਨੂੰ ਜਰੂਰੀ ਤਾਕੀਦ ਹੈ ਕਿ ਆਪੋ-ਆਪਣੇ ਜ਼ਿਲ੍ਹਾ ਪ੍ਰਧਾਨਾਂ ਅਤੇ ਹੋਰ ਅਹੁਦੇਦਾਰਾਂ ਨੂੰ ਬੇਨਤੀ ਕਰਕੇ 5 ਸਤੰਬਰ ਨੂੰ ਠੀਕ 9 ਵਜੇ ਸ੍ਰੀ ਅੰਮ੍ਰਿਤਸਰ ਸਾਹਿਬ ਲੰਗਰ ਹਾਲ ਵਿਖੇ ਪਹੁੰਚਣ ਦੀ ਕਿਰਪਾਲਤਾ ਕਰਨੀ ਤਾਂ ਕਿ ਹਰ ਮਹੀਨੇ ਦੀ ਤਰ੍ਹਾਂ ਸ੍ਰੀ ਗੁਰੂ ਰਾਮਦਾਸ ਮਹਾਰਾਜ ਦੀਆਂ ਖੁਸ਼ੀਆਂ ਪ੍ਰਾਪਤ ਕਰ ਸਕੀਏ।

**ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ**
ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ



ਜਾਰੀ ਕਰਤਾ : **ਜਥੇਦਾਰ ਦਲੀਪ ਸਿੰਘ ਚਕਰ**
ਕਨਵੀਨਰ ਪੰਥਕ ਅਕਾਲੀ ਦਲ, +91 99146 00715


ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death

Sant Jarnail Singh Ji Khalsa Bhindranwale
www.damdamitaksal.net


ਧੁਰਕੀ ਸ਼ਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA
WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV




ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੌ ਜਾਂ ਅਗਲੋ ਪਾਵਾ ॥*

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ–ਧੰਨ
ਮਾਤਾ ਸਾਹਿਬ ਕੌਰ ਜੀ

**ਗੁਰਮਤਿ ਸਮਾਗਮ**

**1 ਨਵੰਬਰ 2026, ਦਿਨ ਐਤਵਾਰ ਨੂੰ**
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ –20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ –1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ–ਢਾਡੀ–ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141–27470**
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408–35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ
84278-66404



Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ





ਮਹਾਨ ਦਿਹਾੜਾ ਭਾਈ ਲਾਧੋ ਰੇ ਦਿਵਸ਼, ਸ਼ਹੀਦੀ ਦਿਹਾੜਾ ਕੌਮੀ ਸ਼ਹੀਦ ਭਾਈ ਜਸਵੰਤ ਖਾਲੜਾ , ਸ਼ਹੀਦੀ ਦਿਹਾੜਾ ਕੌਮੀ ਹੀਰੋ ਭਾਈ ਦਿਲਾਵਰ ਸਿੰਘ ਬੱਬਰ , ਸੰਪੂਰਨਤਾ ਦਿਵਸ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

ਸੰਪੂਰਨਤਾ ਦਿਵਸ ਨੂੰ ਸਮਰਪਿਤ ਸਿੱਖ ਸੰਗਤਾਂ ਵੱਲੋਂ ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਲਈ ਗਈ ਹੈ 4 ਸਤੰਬਰ ਸ਼ੁੱਕਰਵਾਰ ਸਵੇਰੇ ਸਾਢੇ 10 ਵਜੇ ਅਰੰਭਤਾ ਹੋਵੇਗੀ

ਸ਼ਨਿੱਚਰਵਾਰ 5 ਸਤੰਬਰ ਸ਼ਾਮ 5 ਤੋਂ 8:30 ਵਜੇ ਤੱਕ ਦੀਵਾਨ ਸੱਜਣਗੇ।ਐਤਵਾਰ 6 ਸਤੰਬਰ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣ ਉਪਰੰਤ 12:45 ਵਜੇ ਤੱਕ ਦੀਵਾਨ ਸੱਜਣਗੇ।



ਢਾਡੀ ਜਥਾ ਗਿਆਨੀ ਹਰਦੀਪ ਸਿੰਘ ਖਾਲਸਾ ਮਾਨੋਚਾਹਲ

ਢਾਡੀ ਜਥਾ ਗਿਆਨੀ ਹਰਦੀਪ ਸਿੰਘ ਖਾਲਸਾ ਮਾਨੋਚਾਹਲ ਢਾਡੀ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778



ਲੜੀਵਾਰ
ਗੁਰਬਾਣੀ ਸ਼ਬਦ ਵਿਚਾਰ
ਆਵਾਜ਼ਿ ਕੌਮ
AWAZE QAUM
International Newspaper & WEB TV
ਗੁਰਦੁਆਰਾ ਬੰਗਲਾ ਸਾਹਿਬ
5 ਸਤੰਬਰ 2026
ਦਿਨ ਸ਼ਨੀਵਾਰ ਨੂੰ
ਸਵੇਰੇ 7:30 ਤੋਂ 8:30 ਵਜੇ ਤੱਕ
LIVE ON
CHARDIKLA TIME TV
ਗੁਰਦੁਆਰਾ ਸੀਸਗੰਜ ਸਾਹਿਬ
6 ਸਤੰਬਰ 2026
ਦਿਨ ਐਤਵਾਰ ਨੂੰ
ਸਵੇਰੇ 7:30 ਤੋਂ 8:30 ਵਜੇ ਤੱਕ
LIVE ON
PTC ਸਿਮਰਨ
GURUDWARA SISGANJ SAHIB, DELHI
ਵਿਚਾਰਾਂ ਦੀ ਸਾਂਝ ਪਾਉਣਗੇ
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸੰਪਰਕ ਨੰਬਰ : 9814015740 , 9356060960

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ
ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)
(ਬੱਕਰਾਂ ਦੇ ਹਾਈ ਕੋਰਟ)

## ਮਿਤੀ 1 ਨਵੰਬਰ 2026 ਦਿਨ ਐਤਵਾਰ
ਨੂੰ ਸ੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ। ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।**



## 30 ਅਕਤੂਬਰ 2026 ਦਿਨ ਸ਼ੁੱਕਰਵਾਰ
ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

## 1 ਨਵੰਬਰ 2026 ਦਿਨ ਐਤਵਾਰ ਨੂੰ
ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ
ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137



ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

# ਸੂਰਬੀਰ ਮਹਾਂਬਲੀ ਯੋਧੇ-ਬਾਬਾ ਜੀਵਨ ਸਿੰਘ ਜੀ (ਭਾਈ ਜੈਤਾ ਜੀ)

## 5 ਸਤੰਬਰ ਜਨਮ ਦਿਹਾੜੇ 'ਤੇ ਵਿਸ਼ੇਸ਼




ਬਾਬਾ ਜੀਵਨ ਸਿੰਘ ਜੀ (ਭਾਈ ਜੈਤਾ ਜੀ) ਗੁਰੂ ਘਰ ਦੇ ਪ੍ਰੇਮੀ ਗੁਰਸਿੱਖ ਸਨ। ਜਦ ਗੁਰੂ ਗੋਬਿੰਦ ਸਿੰਘ ਜੀ ਨੇ 1699 ਈ: ਦੀ ਵਿਸਾਖੀ ਨੂੰ 'ਖਾਲਸਾ' ਸਾਜਿਆ ਤਾਂ ਭਾਈ ਜੈਤਾ ਜੀ ਵੀ ਅੰਮ੍ਰਿਤ ਦੀ ਪਵਿੱਤਰ ਦਾਤ ਪ੍ਰਾਪਤ ਕਰਕੇਭਾਈ ਜੈਤਾ ਤੋਂ ਬਾਬਾ ਜੀਵਨ ਸਿੰਘ ਹੋ ਗਏ। ਬਾਬਾ ਜੀਵਨ ਸਿੰਘ ਜੀ ਦਾ ਜਨਮ 5 ਸਤੰਬਰ 1661 ਈ: ( ਭਾਈ ਸਾਹਿਬ ਜੀ ਦੀ ਜਨਮ ਮਿਤੀ ਸਬੰਧੀ ਲੇਖਕਾਂ ਦੇ ਵੱਖੋ-ਵੱਖਰੇ ਵਿਚਾਰ ਹਨ) ਨੂੰ ਪਿਤਾ ਭਾਈ ਸਦਾ ਨੰਦ ਜੀ ਅਤੇ ਮਾਤਾ ਲਾਜਵੰਤੀ(ਪ੍ਰੇਮੋ) ਜੀ ਦੀ ਕੁੱਖੋਂ ਪਟਨਾ ਸਾਹਿਬ ਵਿਖੇ ਹੋਇਆ। ਇਹਨਾਂ ਦੇ ਮਾਤਾ ਪਿਤਾ ਗੁਰੂ ਘਰ ਦੇ ਬਹੁਤ ਪ੍ਰੇਮੀ ਸਿੱਖ ਸਨ। ਇਹਨਾਂ ਦੇ ਪੁਰਖੇ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਸਮੇਂ ਤੋਂ ਹੀ ਗੁਰੂ ਘਰ ਨਾਲ ਜੁੜ ਚੁੱਕੇ ਸਨ।

ਬਾਬਾ ਜੀਵਨ ਸਿੰਘ ਜੀ ਦੇ ਜਨਮ ਸਮੇਂ ਇਹਨਾਂ ਦੇ ਮਾਤਾ ਪਿਤਾ ਸ੍ਰੀ ਗੁਰੂ ਤੇਗ ਬਹਾਦਰ ਜੀ ਨਾਲ ਯਾਤਰਾ ਤੇ ਸਨ ।ਗੋਬਿੰਦ ਰਾਏ ਜੀ ਤੇ ਬਾਬਾ ਜੀਵਨ ਸਿੰਘ ਜੀ ਨੇ ਇੱਕਠਿਆਂ ਵਿੱਦਿਆ ਤੇ ਸ਼ਸ਼ਤਰ ਵਿੱਦਿਆ ਵਿੱਚ ਨਿਪੁੰਨਤਾ ਹਾਸਿਲ ਕੀਤੀ ।ਔਰੰਗਜ਼ੇਬ

ਆਵਾਜ਼ਿ ਕੌਮ AWAZE QAUM International Newspaper & WEB TV

ਦੇ ਜ਼ੁਲਮਾਂ ਦੇ ਸਤਾਏ ਜਦ ਕਸ਼ਮੀਰੀ ਪੰਡਿਤਾਂ ਦਾ ਇੱਕ ਵਫਦ ਪੰਡਿਤ ਕ੍ਰਿਪਾ ਰਾਮ ਦੀ ਅਗਵਾਈ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਜੀ ਕੋਲ ਆਇਆ ਤੇ ਫਰਿਆਦ ਕੀਤੀ। ਗੁਰੂ ਸਾਹਬ ਹਿੰਦੂ ਧਰਮ ਬਚਾਉਣ ਖਾਤਿਰ ਦਿੱਲੀ ਪਹੁੰਚ ਗਏ। ਗੁਰੂ ਤੇਗ ਬਹਾਦਰ ਜੀ ਦਾ ਸੀਸ ਧੜ ਤੋਂ ਅਲੱਗ ਕਰਕੇ ਸ਼ਹੀਦ ਕੀਤਾ ਗਿਆ ਤੇ ਐਲਾਨ ਕੀਤਾ ਗਿਆ ਕਿ ਹੈ, ਕੋਈ ਐਸਾ ਸਿੱਖ ਜੋ ਆਪਣੇ ਗੁਰੂ ਦੇ ਸਰੀਰ ਦਾ ਸਸਕਾਰ ਕਰਨ ਦੀ ਹਿੰਮਤ ਰੱਖਦਾ ਹੋਵੇ। ਦਿੱਲੀ ਵਾਸੀ ਸਿੱਖਾਂ ਵਿੱਚੋਂ ਕਿਸੇ ਨਾ ਹਿੰਮਤ ਕੀਤੀ ਤਾਂ ਬਾਬਾ ਜੀਵਨ ਸਿੰਘ(ਭਾਈ ਜੈਤਾ ਜੀ) ਨੇ ਇਹ ਸੇਵਾ ਨਿਭਾਈ।

ਤਵਾਰੀਖ ਗੁਰੂ ਖਾਲਸਾ ਵਿੱਚ ਗਿਆਨੀ ਗਿਆਨ ਸਿੰਘ ਲਿੱਖਦਾ ਹੈ ਕਿ ਗੁਰੂ ਜੀ ਦੇ ਸ਼ਹੀਦ ਹੋਣ ਸਮੇਂ ਉਸ ਅਫੜਾ-ਤਫੜੀ ਦੀ ਹਾਲ ਚਾਲ ਵਿੱਚ ਭਾਈ ਜੈਤਾ ਮਜ਼ਹਬੀ ਸਿੱਖ ਗੁਰੂ ਜੀ ਦਾ ਸੀਸ ਉਠਾ ਕੇ ਅਨੰਦਪੁਰ ਦੇ ਰਾਹ ਪਿਆ। ਕਈ ਇਤਿਹਾਸਕਾਰ ਲਿੱਖਦੇ ਹਨ ਕਿ ਬਾਬਾ ਜੀਵਨ ਸਿੰਘ (ਭਾਈ ਜੈਤਾ ਜੀ)ਨੇ ਦਿੱਲੀ ਪਹੁੰਚ ਕੇ ਰਾਤ ਦੇ ਹਨੇਰੇ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਸੀਸ ਉਠਾ ਕੇ ਉਸ ਜਗ੍ਹਾ ਆਪਣੇ ਪਿਤਾ ਦਾ ਸੀਸ ਭੁਲੇਖਾ ਪਾਉਣ ਲਈ ਰੱਖ ਦਿੱਤਾ ।ਗਿ. ਗਿਆਨ ਸਿੰਘ ਲਿੱਖਦਾ ਹੈ ਕਿ ਹੁਣ ਜਦ ਨੌਵੇਂ ਗੁਰੂ ਜੀ ਦਾ ਸੀਸ ਭਾਈ ਜੈਤੇ ਦੇ ਹੱਥੀਂ ਕੀਰਤਪੁਰ ਸਾਹਿਬ ਪਹੁੰਚਣ ਦੀ ਖ਼ਬਰ ਦਸਮ ਗੁਰੂ ਨੂੰ ਅਨੰਦਪੁਰ ਸਾਹਿਬ ਪਹੁੰਚੀ ਤਾਂ ਆਪਣੇ ਸਿੱਖਾਂ ਸੇਵਕਾਂ ਸਮੇਤ ਗੁਰੂ ਜੀ ਕੀਰਤਪੁਰ ਸਾਹਿਬ ਆ ਪਹੁੰਚੇ । ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸੀਸ ਦੇ ਦਰਸ਼ਨ ਕੀਤੇ।

ਬਾਬਾ ਜੀਵਨ ਸਿੰਘ (ਭਾਈ ਜੈਤੇ ਜੀ) ਦੀ ਬਹਾਦਰਾਨਾ ਟਹਿਲ ਉੱਤੇ ਖੁਸ਼ ਹੋ ਕਰ ਬਾਬਾ ਜੀਵਨ ਸਿੰਘ (ਭਾਈ ਜੈਤੇ ਜੀ) ਨੂੰ 'ਰੰਗਰੇਟੇ ਗੁਰੂ ਕੇ ਬੇਟੇ' ਦੀ ਪਦਵੀ ਦਿੱਤੀ ਤੇ ਇਹ ਖਿਤਾਬ ਨਾਲ ਨਿਵਾਜ਼ ਕੇ ਛਾਤੀ ਨਾਲ ਲਾਇਆ ।(ਉੱਧਰ ਗੁਰੂ ਤੇਗ ਬਹਾਦਰ ਸਾਹਬ ਜੀ ਦਾ ਧੜ ਭਾਈ ਲੱਖੀ ਸ਼ਾਹ ਵਣਜਾਰੇ ਨੇ ਆਪਣੇ ਪੁੱਤਰਾਂ ਦੀ ਮਦਦ ਨਾਲ ਰੂੰ ਵਾਲੇ ਗੱਡੇ ਵਿੱਚ ਸਤਿਕਾਰ ਸਹਿਤ ਰੱਖ ਕੇ ਆਪਣੇ ਘਰ ਲਿਜਾ ਕੇ ਆਪਣੇ ਘਰ ਨੂੰ ਅਗਨ ਭੇਟ ਕਰਕੇ ਗੁਰੂ ਸਾਹਬ ਜੀ ਦੇ ਧੜ ਦਾਸਸਕਾਰ ਕੀਤਾ ਸੀ)। ਪਰ ਇੱਕ ਗੱਲ ਨੂੰ ਲੈ ਕੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਡੂੰਘੇ ਚਿੰਤਨ ਵਿੱਚ ਸਨ ਕਿ ਸਿੱਖਾਂ ਨੇ ਦਿੱਲ਼ੀ ਵਿੱਚ ਅੱਗੇ ਹੋ ਕੇ ਹਿੰਮਤ ਕਿਉਂ ਨਹੀ ਵਿਖਾਈ ।ਕਾਫੀ ਸੋਚ ਵਿਚਾਰ ਤੋਂ ਬਾਅਦ ਇਸ ਸਿੱਟੇ ਤੇ ਪਹੁੰਚੇ ਕਿ 'ਮੈਂ ਆਪਣੇ ਸਿੱਖ ਨੂੰ ਐਸੀ ਪਛਾਣ ਦਿਆਂਗਾ ਕਿ ਲੱਖਾਂ ਦੀ ਭੀੜ ਵਿੱਚੋਂ ਵੀ ਪਛਾਣਿਆਂ ਜਾਵੇਗਾ'।

ਗੁਰੂ ਸਾਹਬ ਨੇ 1699 ਈ: ਦੀ ਵਿਸਾਖੀ ਨੂੰ 'ਖਾਲਸਾ' ਸਾਜ ਕੇ ਦੁਨੀਆਂ ਵਿੱਚ ਸਭ ਤੋਂ ਅਨੋਖਾ ਕੰਮ ਕਰ ਵਿਖਾਇਆ। ਉਸੇ ਖਾਲਸੇ ਤੋਂ ਆਪ ਅੰਮ੍ਰਿਤ ਦੀ ਪਵਿੱਤਰ ਦਾਤ ਪ੍ਰਾਪਤ ਕਰਕੇ 'ਗੋਬਿੰਦ ਰਾਏ' ਤੋਂ 'ਗੋਬਿੰਦ ਸਿੰਘ' ਬਣ ਗਏ। ਖਾਲਸੇ ਨੂੰ ਪੰਜ ਕਕਾਰਾਂ ਦੀ ਦਾਤ ਬਖਸ਼ਿਸ਼ ਕਰਕੇ ਦੁਨੀਆਂ ਵਿੱਚ ਸਭ ਤੋਂ ਵੱਖਰਾ ਰੂਪ ਦਿੱਤਾ। ਬਾਬਾ ਜੀਵਨ ਸਿੰਘ ਜੀ ਨੇ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਜ਼ੁਲਮ ਦੇ ਖਿਲਾਫ ਲੜੀ ਹਰ ਜੰਗ ਵਿੱਚ ਵੱਧ ਚੜ੍ਹ ਕੇ ਸਾਥ ਦਿੱਤਾ। ਜਦ ਗੁਰੂ ਸਾਹਬ ਜੀ ਨੇ ਅਨੰਦਪੁਰ ਛੱਡਿਆ ਤਾਂ ਕਾਫਲੇ ਦੇ ਸਭ ਤੋਂ ਅਖੀਰ ਵਿੱਚ ਗੁਰੂ ਸਾਹਬ ਜੀ ਨੇ ਬਾਬਾ ਜੀਵਨ ਸਿੰਘ ਜੀ, ਭਾਈ ਬਚਿੱਤਰ ਸਿੰਘ ਤੇ ਭਾਈ ਉਦੈ ਸਿੰਘ ਜੀ ਦੀ ਡਿਊਟੀ ਲਾਈ, ਕਿਉਂਕਿ ਗੁਰੂ ਸਾਹਬ ਜਾਣਦੇ ਸਨ ਕਿ ਮੁਗਲ ਆਪਣੇ ਵਾਅਦਿਆਂ ਤੋਂ ਮੁੱਕਰ ਜਾਣਗੇ, ਇਸ ਲਈ ਪਿੱਠ ਪਿੱਛੋਂ ਹਮਲਾ ਜਰੂਰ ਕਰਣਗੇ ਤਾਂ ਇੰਨ੍ਹਾਂ ਜ਼ਾਲਮਾਂ ਨਾਲ ਇਹ ਸਿੰਘ ਸੂਰਮੇ ਹੀ ਨਜਿੱਠ ਸਕਦੇ ਹਨ।

ਬਾਬਾ ਜੀਵਨ ਸਿੰਘ ਜੀ ਦਾ ਅਨੰਦ ਕਾਰਜ ਮਾਤਾ ਰਾਜ ਕੌਰ ਜੀ ਨਾਲ ਹੋਇਆ। ਬਾਬਾ ਜੀਵਨ ਸਿੰਘ ਜੀ ਦੇ ਘਰ ਚਾਰ ਪੁੱਤਰਾਂ ਨੇ ਜਨਮ ਲਿਆ। ਭਾਈ ਸੁੱਖਾ ਸਿੰਘ, ਭਾਈ ਸੇਵਾ ਸਿੰਘ ਵੱਡੇ ਸਪੁੱਤਰ ਜੋ ਚਮਕੌਰ ਦੀ ਗੜ੍ਹੀ ਵਿੱਚ ਸ਼ਹੀਦ ਹੋਏ ਸਨ ਤੇ ਭਾਈ ਗੁਲਜ਼ਾਰ ਸਿੰਘ ਤੇ ਭਾਈ ਗੁਰਦਿਆਲ ਸਿੰਘ ਜੋ ਸਰਸਾ ਨਦੀ ਦੀ ਜੰਗ ਵਿੱਚ ਸ਼ਹੀਦ ਹੋਏ ਸਨ।

ਇਤਿਹਾਸ ਵਿੱਚ ਆਉਂਦਾ ਹੈ ਕਿ ਬਾਬਾ ਜੀਵਨ ਸਿੰਘ ਜੀ ਚਮਕੌਰ ਦੀ ਜੰਗ ਸਮੇਂ ਗੁਰੂ ਜੀ ਦੇ ਮੋਢੇ ਨਾਲ ਮੋਢਾ ਜੋੜ ਕੇ ਵੈਰੀ ਨਾਲ ਲੜੇ ।ਬਾਬਾ ਜੀਵਨ ਸਿੰਘ ਜੀ ਨੇ ਇਸ ਜੰਗ ਵਿੱਚ ਵੀ ਆਪਣੀ ਬਹਾਦਰੀ ਦੇ ਜੌਹਰ ਵਿਖਾਏ ।ਜਦ ਦੋਵੇਂ ਸਾਹਿਬਜ਼ਾਦੇ ਸ਼ਹੀਦੀਆਂ ਪ੍ਰਾਪਤ ਕਰ ਗਏ ਤਾਂ ਬਾਕੀ ਬਚੇ ਹੋਏ ਸਿੰਘਾਂ ਨੇ ਗੁਰੂ ਜੀ ਨੂੰ ਉੱਥੋਂ ਨਿਕਲ ਜਾਣ ਲਈ ਕਿਹਾ ਤਾਂ ਗੁਰੂ ਸਾਹਿਬ ਜੀ ਨੇ ਇਨਕਾਰ ਕਰ ਦਿੱਤਾ, ਤਦ ਪੰਜ ਸਿੰਘਾਂ ਨੇ ਹੁਕਮ ਕੀਤਾ ਕਿ 'ਆਪ ਜਿਸ ਹਾਲਤ ਵਿੱਚ ਹੋ, ਗੁਰੂ ਪੰਥ ਆਪ ਜੀ ਨੂੰ ਇੱਥੋਂ ਚਲੇ ਜਾਣ ਲਈ ਹੁਕਮ ਕਰਦਾ ਹੈ ਤੇ ਬਾਹਰ ਜਾ ਕੇ ਪੰਥ ਦੀ ਸੰਭਾਲ ਕਰੋ' ਤਾਂ ਗੁਰੂ ਸਾਹਬ ਜਿਸ ਹਾਲਤ ਵਿੱਚ ਸਨ। ਉਸੇ ਹਾਲਤ ਵਿੱਚ ਬਾਹਰ ਚਲੇ ਗਏ।

ਗੁਰੂ ਸਾਹਬ ਜੀ ਦੇ ਜਾਣ ਪਿੱਛੋਂ ਯੁੱਧ ਦੀ ਕਮਾਨ ਬਾਬਾ ਜੀਵਨ ਸਿੰਘ (ਭਾਈ ਜੈਤਾ ਜੀ) ਨੇ ਸੰਭਾਲੀ। ਇਸ ਯੁੱਧ ਵਿੱਚ ਬਾਬਾ ਜੀਵਨ ਸਿੰਘ ਜੀ ਦੇ ਦੋ ਵੱਡੇ ਸਪੁੱਤਰ ਭਾਈ ਸੁੱਖਾ ਸਿੰਘ, ਭਾਈ ਸੇਵਾ ਸਿੰਘ ਤੇ ਛੋਟਾ ਭਰਾ ਭਾਈ ਸੰਗਤ ਸਿੰਘ ਜੀ ਵੀ ਸ਼ਹੀਦ ਹੋ ਗਏ ।ਅੰਤ ਵੈਰੀ ਨਾਲ ਲੋਹਾ ਲੈਂਦੇ ਹੋਏ ਬਾਬਾ ਜੀਵਨ ਸਿੰਘ ਜੀ 23 ਦਸੰਬਰ 1704 ਦੀ ਸਵੇਰ ਨੂੰ ਸ਼ਹੀਦੀ ਪ੍ਰਾਪਤ ਕੀਤੀ। ਬਾਬਾ ਜੀਵਨ ਸਿੰਘ ਜੀ ਚਮਕੌਰ ਦੀ ਜੰਗ ਦੇ ਆਖਰੀ ਸ਼ਹੀਦ ਸਨ ।ਬਾਬਾ ਜੀਵਨ ਸਿੰਘ ਜੀ ਜਿੱਥੇ ਇਕ ਬਹਾਦਰ, ਸੂਰਬੀਰ ਤੇ ਮਹਾਂਬਲੀ ਯੋਧੇ ਸਨ, ਉੱਥੇ ਨਾਲ ਹੀ ਇੱਕ ਉੱਚ ਦਰਜੇ ਦੇ ਕਵੀ ਵੀ ਸਨ। ਆਪ ਨੇ ਕਈ ਵੰਨਗੀਆਂ ਵਿੱਚ ਸਾਹਿਤ ਰਚਿਆ ਜਿਵੇ ਕਵਿਤਾ, ਕਬਿੱਤ, ਛੰਦ, ਦੋਹਰੇ, ਚੌਪਈ, ਸਵੱਯੇ, ਸਿੱਖਾਂ ਲਈ ਰਹਿਤਨਾਮਾ ਤੇ ਹੋਰ ਵੀ ਬਹੁਤ ਕੁੱਝ ਸਿੱਖ ਜਗਤ ਦੀ ਝੋਲੀ ਵਿੱਚ ਪਾਇਆ। ਜਿਵੇ ਬਾਬਾ ਜੀਵਨ ਸਿੰਘ ਜੀ ਵੱਲੋਂ ਲਿਖਿਆ ਇਹ ਸਵੈਯਾ ਹੈ:

**ਗੁਰੂ ਗੋਬਿੰਦ ਸਿੰਘ ਸੁ ਪੰਥ ਕੀਆ,**
**ਜਗ ਭੀਤਰ ਜੋ ਜਨ ਕੋ ਸੁਖਦਾਈ।**
**ਜਹਿ ਸੋਂ ਸਬ ਬੰਧ ਮਿਟੈ ਜਮ ਕੈ,**
**ਪਰਮਾਤਮ ਸਾਥ ਜੋ ਬੇਗ ਮਿਲਾਈ।**
**ਜਗ ਤੀਰਥ ਜੋਗ ਸੋਂ ਮੁਕਤ ਭਇਆ,**
**ਗੁਰ ਸਬਦਿ ਸੁ ਜਾਨ ਲੀਉ ਰਘੁਰਾਈ।**
**ਕਹ੍ਹੁ ਜੀਵਨ ਸਿੰਘ ਅਚਿੰਤ ਭਏ,**
**ਪਗ ਗੋਬਿੰਦ ਸਿੰਘ ਲੀਏ ਪ੍ਰਸਾਈ।**

ਆਪ ਨੂੰ ਬਚਪਨ ਸਮੇਂ ਤੋਂ ਹੀ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਅਸ਼ੀਰਵਾਦ ਪ੍ਰਾਪਤ ਸੀ। ਫਿਰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਥਾਪੜਾ ਲੈ ਕੇ ਹਰ ਜੰਗਾਂ ਯੁੱਧਾਂ ਵਿੱਚ ਫਤਿਹ ਹਾਸਿਲ ਕੀਤੀ। ਆਪ ਨੇ ਆਪਣੀ ਲੇਖਣੀ ਵਿੱਚ ਗੁਰੂ ਸਾਹਬ ਦੇ ਸਮੇਂ ਹੋਈਆਂ ਜੰਗਾਂ, ਯੁੱਧਾਂਤੇ ਗੁਰੂ ਜੀ ਦੇ ਹਰ ਕੌਤਕ ਦਾ ਵਰਨਣ ਪੇਸ਼ ਕੀਤਾ ਹੈ। ਆਪ ਨੂੰ ਗੁਰੂ ਘਰ ਦੇ 52 ਕਵੀਆਂ ਦੀ ਸੰਗਤ ਮਾਨਣ ਦਾ ਵੀ ਸੁਭਾਗ ਪ੍ਰਾਪਤ ਹੋਇਆ ਹੈ। ਗੁਰੂ ਸਾਹਬ ਜੀ ਕੋਲੋਂ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਕੇ ਸਿੱਖੀ ਨੂੰ ਮਜ਼ਬੂਤੀ ਪ੍ਰਦਾਨ ਕੀਤੀ ।ਆਉ ਆਪਾਂ ਸਾਰੇ ਜਾਤਾਂ-ਪਾਤਾਂ ਤੋਂ ਉੱਪਰ ਉੱਠ ਕੇ ਗੁਰੂ ਸਾਹਿਬ ਦੇ ਪਾਏ ਪੂਰਨਿਆਂ ਤੇ ਚੱਲੀਏ ।ਇੱਕ-ਮਿੱਕ ਹੋ ਕੇ ਸੱਚਮੁੱਚ ਉਸ ਗੁਰੂ ਦੇ ਪੁੱਤਰ ਬਣ ਕੇ ਇੱਕ ਝੰਡੇ ਥੱਲੇ ਇੱਕਠੇ ਹੋਈਏ। ਗੁਰੂ ਸਾਹਿਬ ਫੁਰਮਾਉਂਦੇ ਹਨ ਕਿ:

**ਮਾਨਸ ਕੀ ਜਾਤਿ ਸਬੈ ਏਕੈ ਪਹਿਚਾਨਬੋ।।**

5 ਸਤੰਬਰ ਨੂੰ ਬਾਬਾ ਜੀਵਨ ਸਿੰਘ ਜੀ ਦਾ ਜਨਮ ਦਿਹਾੜਾ ਤਪ ਅਸਥਾਨ ਸ੍ਰੀ ਅਨੰਦਪੁਰ ਸਾਹਿਬ ਵਿਖੇ ਸਿੱਖ ਸੰਗਤਾਂ ਵੱਲੋਂ ਬੜੀ ਸ਼ਰਧਾ ਭਾਵਨਾ ਤੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ ।ਪੰਥ ਪ੍ਰਸਿੱਧ ਰਾਗੀ, ਢਾਡੀ, ਕਥਾ ਵਾਚਕ, ਪ੍ਰਚਾਰਕ ਤੇ ਬੁਲਾਰੇ ਗੁਰੂ ਜੱਸ ਗਾ ਕੇ ਸੰਗਤਾਂ ਨੂੰ ਨਿਹਾਲ ਕਰਦੇ ਹਨ। ਭਾਈ ਕਾਹਨ ਸਿੰਘ ਨਾਭਾ ਲਿੱਖਦੇ ਹਨ ਕਿ ਬਾਬਾ ਜੀਵਨ ਸਿੰਘ ਜੀ ਬੜੇ ਸੂਰਬੀਰ, ਮਹਾਂਬਲੀ ਯੋਧੇ ਸਨ ।ਗੁਰੂ ਸਾਹਿਬ ਜੀ ਦੇ ਇਸ ਮਹਾਨ ਸਿੱਖ ਜਰਨੈਲ ਨੂੰ ਕੋਟਿਨ-ਕੋਟਿ ਪ੍ਰਣਾਮ।

**-ਧਰਮਿੰਦਰ ਸਿੰਘ (ਚੱਬਾ), ਪਿੰਡ ਤੇ ਡਾਕ:ਚੱਬਾ, ਤਰਨ ਤਾਰਨ ਰੋਡ, ਅੰਮ੍ਰਿਤਸਰ-143022**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ‘ਦਿਮਾਗੀ ਨਕਸਲ’ ਦੇ ਲੇਬਲ ਤੋਂ ਪਰੇ

# ਪ੍ਰਧਾਨ ਮੰਤਰੀ ਮੋਦੀ ਦੀ ਚੇਤਾਵਨੀ ਨੂੰ ਪੂਰੇ ਸੰਦਰਭ ਵਿੱਚ ਸਮਝਣ ਦੀ ਲੋੜ



ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ 15 ਅਗਸਤ ਨੂੰ ਲਾਲ ਕਿਲ੍ਹੇ ਦੀ ਫ਼ਸੀਲ ਤੋਂ ਦਿੱਤਾ ਗਿਆ ਭਾਸ਼ਣ ਸਿਰਫ਼ ਸਰਕਾਰ ਦੀਆਂ ਉਪਲਬਧੀਆਂ ਦਾ ਲੇਖਾ-ਜੋਖਾ ਨਹੀਂ ਸੀ। ਇਸ ਵਿੱਚ ਭਾਰਤ ਦੀ ਅੰਦਰੂਨੀ ਸੁਰੱਖਿਆ, ਰਾਸ਼ਟਰੀ ਅਖੰਡਤਾ ਅਤੇ ਭਵਿੱਖ ਨਾਲ ਜੁੜੀਆਂ ਕਈ ਗੰਭੀਰ ਚੁਣੌਤੀਆਂ ਵੱਲ ਵੀ ਦੇਸ਼ ਦਾ ਧਿਆਨ ਖਿੱਚਿਆ ਗਿਆ। ਇਨ੍ਹਾਂ ਵਿੱਚ ਨਕਸਲਵਾਦ ਦਾ ਮੁੱਦਾ ਵਿਸ਼ੇਸ਼ ਮਹੱਤਵ ਰੱਖਦਾ ਹੈ।

ਇਸੇ ਸੰਦਰਭ ਵਿੱਚ ਪ੍ਰਧਾਨ ਮੰਤਰੀ ਵੱਲੋਂ ਵਰਤਿਆ ਗਿਆ ਸ਼ਬਦ ‘ਦਿਮਾਗੀ ਨਕਸਲ’ ਨੂੰ ਕੁਝ ਲੋਕਾਂ ਨੇ ਸਿਰਫ਼ ’ਸਿਆਸੀ ਲੇਬਲ’ ਵਜੋਂ ਦੇਖਣ ਦੀ ਕੋਸ਼ਿਸ਼ ਕੀਤੀ। ਪਰ “‘ਦਿਮਾਗ਼ੀ ਨਕਸਲ’ ਸ਼ਬਦ ’ਤੇ ਇਤਰਾਜ਼ ਕਰਨ ਤੋਂ ਪਹਿਲਾਂ ਇਹ ਪੁੱਛਣਾ ਜ਼ਰੂਰੀ ਹੈ ਕਿ ਪ੍ਰਧਾਨ ਮੰਤਰੀ ਕਿਸ ਖ਼ਤਰੇ ਵੱਲ ਇਸ਼ਾਰਾ ਕਰ ਰਹੇ ਸਨ।”

ਪ੍ਰਧਾਨ ਮੰਤਰੀ ਨੇ ਸਪਸ਼ਟ ਤੌਰ ’ਤੇ ਕਿਹਾ ਕਿ ਜੰਗਲਾਂ ਵਿੱਚ ਹਥਿਆਰਬੰਦ ਨਕਸਲਵਾਦ ਨੂੰ ਖ਼ਤਮ ਕਰ ਦਿੱਤਾ ਗਿਆ ਹੈ, ਪਰ ਮਾਓਵਾਦੀ ਸੋਚ ‘ਦਿਮਾਗ਼ੀ ਨਕਸਲ’ ਦਾ ਪ੍ਰਭਾਵ ਅਜੇ ਪੂਰੀ ਤਰ੍ਹਾਂ ਖ਼ਤਮ ਨਹੀਂ ਹੋਇਆ। ਉਨ੍ਹਾਂ ਨੇ ਖ਼ਾਸ ਤੌਰ ’ਤੇ ਇਸ ਗੱਲ ਵੱਲ ਧਿਆਨ ਦਿਵਾਇਆ ਕਿ ਸਾਲਾਂ ਤੱਕ ਨਕਸਲਵਾਦੀ ਵਿਚਾਰਧਾਰਾ ਤੋਂ ਪ੍ਰਭਾਵਿਤ ਲੋਕ ਦੇਸ਼ ਦੇ ਸੱਤਾ ਦੇ ਗਲਿਆਰਿਆਂ ਅਤੇ ਸਰਕਾਰੀ ਕਮੇਟੀਆਂ ਵਿੱਚ ਸਲਾਹਕਾਰਾਂ ਵਜੋਂ ਮੌਜੂਦ ਰਹੇ ਅਤੇ ਉਨ੍ਹਾਂ ਨੇ ਨੀਤੀਆਂ ਨੂੰ ਪ੍ਰਭਾਵਿਤ ਕੀਤਾ। ਇਸ ਨੁਕਤੇ ਨੂੰ ਸਿਰਫ਼ ‘ਅਸਹਿਮਤੀ ਨੂੰ ਨਕਸਲਵਾਦ ਕਹਿਣਾ’ ਕਰਾਰ ਦੇ ਦੇਣਾ ਪ੍ਰਧਾਨ ਮੰਤਰੀ ਦੀ ਗੱਲ ਦੇ ਮੂਲ ਅਰਥ ਨੂੰ ਸੀਮਤ ਕਰ ਦੇਵੇਗਾ।



## ਵਿਚਾਰ ਆਪੋ-ਆਪਣਾ

ਨਕਸਲਵਾਦ ਸਿਰਫ਼ ਬੰਦੂਕ ਦਾ ਨਾਮ ਨਹੀਂ ਸੀ, ਨਕਸਲਵਾਦ ਨੂੰ ਜੇ ਸਿਰਫ਼ ਬੰਦੂਕ ਚੁੱਕੇ ਜੰਗਲਾਂ ਵਿੱਚ ਘੁੰਮਦੇ ਹਥਿਆਰਬੰਦ ਕੇਡਰਾਂ ਤੱਕ ਸੀਮਤ ਕਰ ਦਿੱਤਾ ਜਾਵੇ ਤਾਂ ਇਸ ਦੀ ਵਿਚਾਰਧਾਰਕ ਬਣਤਰ ਨੂੰ ਸਮਝਣ ਵਿੱਚ ਵੱਡੀ ਭੁੱਲ ਹੋਵੇਗੀ।

ਕਿਸੇ ਵੀ ਹਿੰਸਕ ਵਿਚਾਰਧਾਰਾ ਦੀ ਤਾਕਤ ਸਿਰਫ਼ ਉਸ ਦੇ ਹਥਿਆਰਾਂ ਵਿੱਚ ਨਹੀਂ ਹੁੰਦੀ। ਉਸ ਦੇ ਪਿੱਛੇ ਵਿਚਾਰ, ਭਰਤੀ ਦਾ ਤੰਤਰ, ਪ੍ਰਚਾਰ, ਵਿੱਤੀ ਸਹਾਇਤਾ, ਸੰਗਠਨ, ਸੰਚਾਰ ਅਤੇ ਸਮਾਜ ਵਿੱਚ ਪ੍ਰਭਾਵ ਬਣਾਉਣ ਵਾਲੇ ਨੈੱਟਵਰਕ ਵੀ ਹੁੰਦੇ ਹਨ।

ਇਸ ਲਈ ਪ੍ਰਧਾਨ ਮੰਤਰੀ ਵੱਲੋਂ ਹਥਿਆਰਬੰਦ ਨਕਸਲਵਾਦ ਦੇ ਨਾਲ ਉਸ ਦੀ ਵਿਚਾਰਧਾਰਕ ਵਿਰਾਸਤ ਬਾਰੇ ਚੇਤਾਵਨੀ ਦੇਣਾ ਇੱਕ ਗੰਭੀਰ ਸੁਰੱਖਿਆ ਚਿੰਤਾ ਵਜੋਂ ਦੇਖਿਆ ਜਾਣਾ ਚਾਹੀਦਾ ਹੈ।

ਇੱਥੇ ਇੱਕ ਮਹੱਤਵਪੂਰਨ ਫ਼ਰਕ ਕਰਨਾ ਵੀ ਜ਼ਰੂਰੀ ਹੈ। ਹਰ ਸਰਕਾਰ ਦੀ ਆਲੋਚਨਾ ਕਰਨ ਵਾਲਾ ਵਿਅਕਤੀ ਅਤੇ ਹਰ ਅਸਹਿਮਤੀ ਨਕਸਲਵਾਦ ਨਹੀਂ ਵੀ ਪਰ ਜਿਹੜਾ ਵਿਅਕਤੀ ਜਾਣਬੁੱਝ ਕੇ ਹਿੰਸਕ ਮਾਓਵਾਦੀ ਵਿਚਾਰਧਾਰਾ, ਉਸ ਦੇ ਨੈੱਟਵਰਕ ਜਾਂ ਹਿੰਸਕ ਗਤੀਵਿਧੀਆਂ ਨੂੰ ਵਿਚਾਰਧਾਰਕ, ਵਿੱਤੀ, ਸੰਗਠਨਾਤਮਕ ਜਾਂ ਹੋਰ ਕਿਸੇ ਰੂਪ ਵਿੱਚ ਮਦਦ ਕਰਦਾ ਹੈ, ਉਸ ਨੂੰ ਸਿਰਫ਼ ‘ਆਲੋਚਕ’ ਕਹਿ ਕੇ ਨਜ਼ਰਅੰਦਾਜ਼ ਕਰ ਦੇਣਾ ਵੀ ਰਾਸ਼ਟਰੀ ਸੁਰੱਖਿਆ ਨਾਲ ਇਨਸਾਫ਼ ਨਹੀਂ ਹੋਵੇਗਾ।

“ਨਕਸਲਵਾਦ” ਭਾਰਤ ਦੀ ਅੰਦਰੂਨੀ ਸੁਰੱਖਿਆ ਲਈ ਸਭ ਤੋਂ ਵੱਡਾ ਖ਼ਤਰਾ

ਨਵੀਂ ਪੀੜ੍ਹੀ ਲਈ ਇਹ ਜਾਣਨਾ ਜ਼ਰੂਰੀ ਹੈ ਕਿ ਨਕਸਲ ਪ੍ਰਭਾਵ ਦਾ ਦਾਇਰਾ ਕਦੇ ਦੇਸ਼ ਦੇ ਲਗਭਗ ਇੱਕ-ਤਿਹਾਈ ਹਿੱਸੇ ਤੱਕ ਪਹੁੰਚ ਗਿਆ ਸੀ, ਦੇਸ਼ ਦੇ ਤਤਕਾਲੀ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਨੇ ਵੀ “ਨਕਸਲਵਾਦ” ਨੂੰ ਭਾਰਤ ਦੀ ਅੰਦਰੂਨੀ ਸੁਰੱਖਿਆ ਲਈ ਸਭ ਤੋਂ ਵੱਡਾ ਖ਼ਤਰਾ ਹੋਣਾ ਕਬੂਲ ਕੀਤਾ। ਕਦੀ ਦੇਸ਼ ਲਈ ਇਹ ਇਸ ਕਦਰ ਵੱਡੀ ਚੁਣੌਤੀ ਸੀ ਕਿ ਜਿੱਥੇ ਸੰਵਿਧਾਨ ਅਤੇ ਲੋਕਤੰਤਰ ਨੂੰ “ਬੁਰਜੂਆ ਢਾਂਚਾ” ਕਹਿ ਕੇ ਰੱਦ ਕੀਤਾ ਜਾਂਦਾ ਅਤੇ ਇਹ ਕੇਵਲ ਕਾਗ਼ਜ਼ਾਂ ’ਤੇ ਸੀ, ਤੇ ਚੁਣੀਆਂ ਹੋਈਆਂ ਸਰਕਾਰਾਂ ਦੀ ਜਾਇਜ਼ਤਾ ਨੂੰ ਚੁਣੌਤੀ ਮਿਲਦੀ ਸੀ। ਮਸਲਿਆਂ ਦਾ ਸਮਾਧਾਨ ਬੰਦੂਕ ਦੀ ਗੋਲੀ ਰਾਹੀਂ ਲੱਭਣ ਦੀ ਕੋਸ਼ਿਸ਼ ਹੁੰਦੀ ਸੀ। ਲੇਕਿਨ ਹਕੀਕਤ ਇਹ ਸੀ ਕਿ ਬੰਦੂਕ ਦੀ ਨਲੀ ਰਾਹੀਂ ਇਨਕਲਾਬ ਦਾ ਸੁਪਨਾ ਕਦੇ ਵੀ ਕਬਾਇਲੀ ਸਮਾਜ ਦੀ ਅਸਲੀ ਲੋੜ ਨਹੀਂ ਸੀ, ਨਾ ਹੀ ਇਹ ਕਬਾਇਲੀ ਵਿਦਰੋਹ ਦਾ ਸਵੈ-ਇੱਛਿਤ ਮਾਡਲ ਸੀ। ਦਾਅਵਾ ਜੰਗਲਾਤੀ ਅਤੇ ਆਦਿਵਾਸੀ ਖੇਤਰਾਂ ਦੇ ਹੱਕਾਂ ਲਈ ਲੜਨ ਦਾ ਸੀ ਪਰ ਜ਼ਮੀਨੀ ਹਕੀਕਤ ’ਚ ਉਨ੍ਹਾਂ ਦੀ ਹਿੰਸਕ ਰਣਨੀਤੀ ਨੇ ਇਨ੍ਹਾਂ ਖੇਤਰਾਂ ਨੂੰ ਵਿਕਾਸ ਤੋਂ ਵੰਚਿਤ ਕੀਤਾ। ਦਿਹਾਤੀ ਅਤੇ ਆਦਿਵਾਸੀ ਖੇਤਰਾਂ ਵਿੱਚ ਹਾਲਾਤ ਦੀ ਨਾਜ਼ੁਕਤਾ ਇਸ ਗੱਲੋਂ ਨਾਪੀ ਜਾ ਸਕਦੀ ਸੀ ਕਿ ਉਥੇ ਸ਼ਾਮ ਤੋਂ ਬਾਅਦ ਆਮ ਲੋਕਾਂ ਲਈ ਘਰੋਂ ਬਾਹਰ ਨਿਕਲਣਾ ਡਰ ਦਾ ਕਾਰਨ ਬਣ ਜਾਂਦਾ ਸੀ। ਉਸ ਵਕਤ ਨਾ ਕੇਵਲ ਸੜਕਾਂ ਅਤੇ ਬੁਨਿਆਦੀ ਢਾਂਚੇ ਦਾ ਵਿਕਾਸ ਰੁਕਿਆ, ਸਰਕਾਰੀ ਮਸ਼ੀਨਰੀ ਦੀ ਪਹੁੰਚ ਕਮਜ਼ੋਰ ਹੋਈ ਸਗੋਂ ਸੜਕਾਂ ਅਤੇ ਬੁਨਿਆਦੀ ਢਾਂਚੇ ਨਿਸ਼ਾਨੇ ’ਤੇ ਰਹੇ ਅਤੇ ਅਨੇਕਾਂ ਸਕੂਲ ਸਾੜੇ ਗਏ ਅਤੇ ਦੋ ਪੀੜ੍ਹੀਆਂ ਨੂੰ ਅਨਪੜ੍ਹ ਰੱਖਣ ਲਈ ਮਜਬੂਰ ਕੀਤਾ ਗਿਆ। ਇਸ ਵਿਚਾਰਧਾਰਾ ਨੇ ਸਥਾਨਕ ਲੋਕਾਂ ਨੂੰ ਨਾ ਤਾਂ ਆਰਥਿਕ ਖੁਸ਼ਹਾਲੀ ਦਿੱਤੀ ਅਤੇ ਨਾ ਹੀ ਸਮਾਜਿਕ ਨਿਆਂ, ਸਿਰਫ਼ ਤਬਾਹੀ ਦਿੱਤੀ।

ਇਸ ਲਈ ਨਕਸਲਵਾਦ ਨੂੰ ਸਿਰਫ਼ ਇੱਕ ਵਿਚਾਰਧਾਰਕ ਬਹਿਸ ਦੇ ਰੂਪ ਵਿੱਚ ਦੇਖਣਾ ਉਨ੍ਹਾਂ ਲੱਖਾਂ ਲੋਕਾਂ ਨਾਲ ਵੀ ਨਿਆਂ ਨਹੀਂ ਹੋਵੇਗਾ ਜਿਨ੍ਹਾਂ ਨੂੰ ਇਸ ਦੀ ਹਿੰਸਾ ਦਾ ਦਰਦ ਸਹਿਣਾ ਪਿਆ।

ਕਾਂਗਰਸ ਦੇ ਦੌਰ ਦੀ ਖ਼ਾਮੋਸ਼ੀ ਬਨਾਮ ਮੋਦੀ ਸਰਕਾਰ ਦਾ ਸੰਕਲਪ

ਇੱਥੇ ਇਹ ਸਵਾਲ ਵੀ ਪੁੱਛਣਾ ਬਣਦਾ ਹੈ ਕਿ ਜਦੋਂ ਦੇਸ਼ ’ਚ ਨਕਸਲਵਾਦ ਲਗਾਤਾਰ ਫੈਲ ਰਿਹਾ ਸੀ, ਉਦੋਂ ਕੇਂਦਰ ਦੀਆਂ ਕਾਂਗਰਸ ਸਰਕਾਰਾਂ ਨੇ ਇਸ ਨਾਲ ਕਿੰਨੀ ਗੰਭੀਰਤਾ ਨਾਲ ਨਜਿੱਠਿਆ? ਕਾਂਗਰਸ ਦੇ ਲੰਮੇ ਸ਼ਾਸਨ ਦੌਰਾਨ ਨਕਸਲਵਾਦ ਨੇ ਕਈ ਰਾਜਾਂ ਵਿੱਚ ਕਿਵੇਂ ਆਪਣੀਆਂ ਜੜ੍ਹਾਂ ਮਜ਼ਬੂਤ ਕੀਤੀਆਂ? ਕਈ ਮੌਕਿਆਂ ’ਤੇ ਇਸ ਸਮੱਸਿਆ ਨੂੰ ਉਸ ਗੰਭੀਰਤਾ ਅਤੇ ਦ੍ਰਿੜ੍ਹਤਾ ਨਾਲ ਕਿਉਂ ਨਹੀਂ ਲਿਆ ਗਿਆ ਜਿਸ ਦੀ ਲੋੜ ਸੀ? ਸਿਆਸੀ ਹਿਸਾਬ-ਕਿਤਾਬ, ਪ੍ਰਸ਼ਾਸਨਿਕ ਕਮਜ਼ੋਰੀ ਜਾਂ ਵਿਚਾਰਧਾਰਕ ਹਮਦਰਦੀ—ਕਾਰਨ ਕੋਈ ਵੀ ਰਿਹਾ ਹੋਵੇ, ਪਰ ਨਤੀਜਾ ਇਹ ਨਿਕਲਿਆ ਕਿ ਨਕਸਲਵਾਦ ਨੂੰ ਵਧਣ-ਫੁੱਲਣ ਲਈ ਲੰਮਾ ਸਮਾਂ ਮਿਲਿਆ।

ਇਸ ਦੇ ਉਲਟ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਨੇ ਨਕਸਲਵਾਦ ਨੂੰ ਰਾਸ਼ਟਰੀ ਸੁਰੱਖਿਆ ਅਤੇ ਵਿਕਾਸ—ਦੋਵੇਂ ਦੇ ਸਵਾਲ ਵਜੋਂ ਦੇਖਿਆ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ 31 ਮਾਰਚ 2026 ਤੱਕ ਮਾਓਵਾਦੀ ਨਕਸਲਵਾਦ ਨੂੰ ਜੜ੍ਹੋਂ ਖ਼ਤਮ ਕਰਨ ਦਾ ਸਪਸ਼ਟ ਸੰਕਲਪ ਲਿਆ। ਇਹ ਇੱਕ ਰਾਜਨੀਤਿਕ ਐਲਾਨ ਨਹੀਂ ਸੀ, ਬਲਕਿ ਇਹ ਰਾਜ ਦੀ ਦ੍ਰਿੜ੍ਹ ਇੱਛਾ-ਸ਼ਕਤੀ ਦਾ ਸਪਸ਼ਟ ਪ੍ਰਗਟਾਵਾ ਸੀ।

ਨਕਸਲਵਾਦ ਖ਼ਿਲਾਫ਼ ਮੋਦੀ ਸਰਕਾਰ ਦੀ ਸਭ ਤੋਂ ਵੱਡੀ ਉਪਲਬਧੀ ਇਹ ਹੈ ਕਿ ਇਸ ਨੂੰ ਸਿਰਫ਼ ‘ਕਾਨੂੰਨ-ਵਿਵਸਥਾ’ ਦੀ ਸਮੱਸਿਆ ਨਾ ਸਮਝ ਕੇ ਸੁਰੱਖਿਆ, ਵਿਕਾਸ ਅਤੇ ਰਾਸ਼ਟਰੀ ਏਕਤਾ ਨਾਲ ਜੋੜ ਕੇ ਹੱਲ ਕਰਨ ਦੀ ਕੋਸ਼ਿਸ਼ ਕੀਤੀ ਗਈ। ਸਖ਼ਤ ਸੁਰੱਖਿਆ ਕਾਰਵਾਈਆਂ ਦੇ ਨਾਲ-ਨਾਲ ਪ੍ਰਭਾਵਿਤ ਖੇਤਰਾਂ ਵਿੱਚ ਵਿਕਾਸ ਦੀ ਪਹੁੰਚ ਵਧਾਉਣ ਦੀ ਰਣਨੀਤੀ ਅਪਣਾਈ ਗਈ। ਸੜਕਾਂ, ਸੰਚਾਰ, ਸਿੱਖਿਆ, ਸਿਹਤ ਅਤੇ ਸਰਕਾਰੀ ਸੇਵਾਵਾਂ ਦੀ ਪਹੁੰਚ ਵਧਾਉਣ ’ਤੇ ਵੀ ਜ਼ੋਰ ਦਿੱਤਾ ਗਿਆ। ਇਸ ਰਣਨੀਤੀ ਦਾ ਨਤੀਜਾ ਇਹ ਨਿਕਲਿਆ ਕਿ ਨਕਸਲਵਾਦੀ ਹਿੰਸਾ ਦਾ ਭੂਗੋਲ ਅਤੇ ਪ੍ਰਭਾਵ ਦੋਵਾਂ ਦਾ ਤੇਜ਼ੀ ਨਾਲ ਖ਼ਾਤਮਾ ਹੋਇਆ। ਇਸ ਦਾ ਸਿੱਧਾ ਲਾਭ ਉਨ੍ਹਾਂ ਆਮ ਨਾਗਰਿਕਾਂ ਨੂੰ ਮਿਲਿਆ ਜੋ ਦਹਾਕਿਆਂ ਤੋਂ ਹਿੰਸਾ ਦੇ ਸਾਏ ਹੇਠ ਜੀ ਰਹੇ ਸਨ।

ਇਸ ਪਿਛੋਕੜ ਅਤੇ ਸੰਦਰਭ ਵਿੱਚ ਪ੍ਰਧਾਨ ਮੰਤਰੀ ਵੱਲੋਂ ‘ਦਿਮਾਗ਼ੀ ਨਕਸਲ’ ਦੀ ਗੱਲ ਨੂੰ ਸਹੀ ਅਰਥਾਂ ’ਚ ਸਮਝਣ ਦੀ ਲੋੜ ਹੈ। ਉਨ੍ਹਾਂ ਦੀ ਚੇਤਾਵਨੀ ’ਚ ਬੰਦੂਕ ਨੂੰ ਹਰਾਉਣਾ ਕਾਫ਼ੀ ਨਹੀਂ; ਉਸ ਵਿਚਾਰਧਾਰਾ ਦੇ ਪ੍ਰਭਾਵ ਨੂੰ ਵੀ ਸਮਝਣਾ ਜ਼ਰੂਰੀ ਹੈ ਜੋ ਬੰਦੂਕ ਨੂੰ ਜਾਇਜ਼ ਠਹਿਰਾਉਂਦੀ ਹੈ। ਪ੍ਰਧਾਨ ਮੰਤਰੀ ਨੇ ਇਹ ਵੀ ਕਿਹਾ ਕਿ ਅਜਿਹੇ ਤੱਤ ਦੇਸ਼ ਵਿੱਚ ਹਿੰਸਾ ਅਤੇ ਅਰਾਜਕਤਾ ਫੈਲਾਉਣ ਦੇ ਮੌਕੇ ਲੱਭਦੇ ਰਹਿੰਦੇ ਹਨ ਅਤੇ ਸਮਾਜ ਨੂੰ ਗ਼ਲਤ ਦਿਸ਼ਾ ਵੱਲ ਲਿਜਾਣ ਲਈ ਵੱਖ-ਵੱਖ ਹੱਥਕੰਡੇ ਅਪਣਾ ਸਕਦੇ ਹਨ। ਇਸੇ ਲਈ ਉਨ੍ਹਾਂ ਨੇ ਅਜਿਹੇ ਤੱਤਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਅਲੱਗ-ਥਲੱਗ ਕਰਨ ਦੀ ਅਪੀਲ ਕੀਤੀ। ਇਸ ਅਪੀਲ ਨੂੰ ਕਿਸੇ ਵੀ ਜਾਇਜ਼ ਅਸਹਿਮਤੀ ਨੂੰ ਕੁਚਲਨ ਦੀ ਹਮਾਇਤ ਵਜੋਂ ਲੈਣਾ ਠੀਕ ਨਹੀਂ ਹੋਵੇਗਾ। ਸਵਾਲ ਇਹ ਹੈ ਕਿ ਅਸਹਿਮਤੀ ਕਿੱਥੇ ਖ਼ਤਮ ਹੁੰਦੀ ਹੈ ਅਤੇ ਹਿੰਸਕ ਵਿਚਾਰਧਾਰਾ ਨੂੰ ਸਰਗਰਮ ਤੌਰ ’ਤੇ ਉਤਸ਼ਾਹਿਤ ਜਾਂ ਸਹਾਇਤਾ ਦੇਣ ਦੀ ਹੱਦ ਕਿੱਥੋਂ ਸ਼ੁਰੂ ਹੁੰਦੀ ਹੈ।

ਅਸਹਿਮਤੀ ਅਤੇ ਅਰਾਜਕਤਾ ਵਿੱਚ ਫ਼ਰਕ ਜ਼ਰੂਰੀ ਹੈ, ਇਹ ਵੀ ਉਤਨਾ ਹੀ ਸਪਸ਼ਟ ਹੋਣਾ ਚਾਹੀਦਾ ਹੈ ਕਿ ਲੋਕਤੰਤਰ ਵਿੱਚ ਅਸਹਿਮਤੀ ਲਈ ਥਾਂ ਹੈ। ਸਰਕਾਰ ਦੀ ਆਲੋਚਨਾ ਕਰਨਾ, ਨੀਤੀਆਂ ’ਤੇ ਸਵਾਲ ਉਠਾਉਣਾ ਜਾਂ ਸ਼ਾਂਤਮਈ ਢੰਗ ਨਾਲ ਵਿਰੋਧ ਕਰਨਾ ਕਿਸੇ ਨੂੰ ਨਕਸਲ ਨਹੀਂ ਬਣਾਉਂਦਾ। ਇਹ ਫ਼ਰਕ ਸਪਸ਼ਟ ਰਹਿਣਾ ਚਾਹੀਦਾ ਹੈ। ਲੋਕਤੰਤਰ ਵਿੱਚ ਸਰਕਾਰ ਦੀ ਆਲੋਚਨਾ ਦਾ ਅਧਿਕਾਰ ਹੈ, ਪਰ ਦੇਸ਼ ਨੂੰ ਹਿੰਸਾ ਅਤੇ ਅਰਾਜਕਤਾ ਵੱਲ ਧੱਕਣ ਦੀ ਕੋਸ਼ਿਸ਼ ਨੂੰ ਵਿਚਾਰਾਂ ਦੀ ਆਜ਼ਾਦੀ ਦਾ ਨਾਮ ਨਹੀਂ ਦਿੱਤਾ ਜਾ ਸਕਦਾ। ਪਰ ਜਿਹੜੇ ਤੱਤ ਹਿੰਸਾ ਨੂੰ ਜਾਇਜ਼ ਠਹਿਰਾਉਂਦੇ ਹਨ, ਹਿੰਸਕ ਸੰਗਠਨਾਂ ਨੂੰ ਸਹਾਇਤਾ ਦਿੰਦੇ ਹਨ, ਨੌਜਵਾਨਾਂ ਨੂੰ ਹਿੰਸਕ ਰਾਹ ਵੱਲ ਧੱਕਦੇ ਹਨ ਜਾਂ ਸੰਗਠਿਤ ਅਰਾਜਕਤਾ ਨੂੰ ਉਤਸ਼ਾਹਿਤ ਕਰਦੇ ਹਨ, ਉਨ੍ਹਾਂ ਨਾਲ ਸਖ਼ਤੀ ਨਾਲ ਨਜਿੱਠਣਾ ਰਾਜ ਦੀ ਜ਼ਿੰਮੇਵਾਰੀ ਹੈ।

ਇਸ ਲਈ ‘ਦਿਮਾਗ਼ੀ ਨਕਸਲ’ ਸ਼ਬਦ ’ਤੇ ਚਰਚਾ ਕਰਦਿਆਂ ਸਾਨੂੰ ਸ਼ਬਦ ਦੀ ਸਿਆਸੀ ਵਿਆਖਿਆ ਤੋਂ ਅੱਗੇ ਵਧ ਕੇ ਉਸ ਖ਼ਤਰੇ ਦੇ ਅਸਲ ਸੰਦਰਭ ਨੂੰ ਸਮਝਣਾ ਚਾਹੀਦਾ ਹੈ ਜਿਸ ਵੱਲ ਪ੍ਰਧਾਨ ਮੰਤਰੀ ਨੇ ਸੰਕੇਤ ਕੀਤਾ ਹੈ। ਨਕਸਲਵਾਦ ਨੂੰ ਹਰਾਉਣ ਦਾ ਮਤਲਬ ਸਿਰਫ਼ ਜੰਗਲਾਂ ਵਿੱਚੋਂ ਬੰਦੂਕਾਂ ਦਾ ਖ਼ਾਤਮਾ ਨਹੀਂ। ਇਸ ਦਾ ਮਤਲਬ ਹੈ ਉਸ ਵਿਚਾਰਧਾਰਾ ਨੂੰ ਵੀ ਚੁਣੌਤੀ ਦੇਣਾ ਜੋ ਹਿੰਸਾ ਨੂੰ ਬਦਲਾਅ ਦਾ ਸਾਧਨ ਮੰਨਦੀ ਹੈ। ਇਸ ਪ੍ਰਕਾਰ ਇਸ ਮਾਮਲੇ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਚੇਤਾਵਨੀ ਨੂੰ ਸਿਆਸੀ ਹਮਲਾ ਮੰਨਣ ਦੀ ਬਜਾਏ ਰਾਸ਼ਟਰੀ ਸੁਰੱਖਿਆ ਦੇ ਵੱਡੇ ਸੰਦਰਭ ਵਿੱਚ ਸਮਝਣ ਦੀ ਲੋੜ ਹੈ।

ਭਾਰਤ ਨੇ ਨਕਸਲਵਾਦ ਖ਼ਿਲਾਫ਼ ਇੱਕ ਲੰਮਾ ਅਤੇ ਔਖਾ ਸਫ਼ਰ ਤੈਅ ਕੀਤਾ ਹੈ। ਬੰਦੂਕ ਦੀ ਤਾਕਤ ਨੂੰ ਪਿੱਛੇ ਧੱਕਣਾ ਵੱਡੀ ਉਪਲਬਧੀ ਹੈ। ਹੁਣ ਇਹ ਯਕੀਨੀ ਬਣਾਉਣਾ ਵੀ ਜ਼ਰੂਰੀ ਹੈ ਕਿ ਹਿੰਸਕ ਵਿਚਾਰਧਾਰਾ ਮੁੜ ਨਵੀਂ ਪੀੜ੍ਹੀ ਦੇ ਮਨਾਂ ਵਿੱਚ ਜੜ੍ਹਾਂ ਨਾ ਜਮਾਏ। ਇਸੇ ਸੰਦਰਭ ’ਚ ਪ੍ਰਧਾਨ ਮੰਤਰੀ ਮੋਦੀ ਦਾ ਇੱਕ ਹੋਰ ਮਹੱਤਵਪੂਰਨ ਪੱਖ ਨੌਜਵਾਨਾਂ ਨਾਲ ਜੁੜਿਆ ਹੈ। ਕਿਸੇ ਵੀ ਹਿੰਸਕ ਵਿਚਾਰਧਾਰਾ ਦੀ ਸਭ ਤੋਂ ਵੱਡੀ ਤਾਕਤ ਨੌਜਵਾਨ ਮਨਾਂ ਨੂੰ ਪ੍ਰਭਾਵਿਤ ਕਰਨਾ ਹੁੰਦੀ ਹੈ। ਇਸ ਲਈ ਸਿਰਫ਼ ਸੁਰੱਖਿਆ ਬਲਾਂ ਦੀ ਕਾਰਵਾਈ ਨਾਲ ਨਕਸਲਵਾਦ ਨੂੰ ਪੂਰੀ ਤਰ੍ਹਾਂ ਖ਼ਤਮ ਨਹੀਂ ਕੀਤਾ ਜਾ ਸਕਦਾ। ਨੌਜਵਾਨਾਂ ਨੂੰ ਸਿੱਖਿਆ, ਰੁਜ਼ਗਾਰ, ਮੌਕੇ ਅਤੇ ਵਿਕਾਸ ਦੀ ਮੁੱਖ ਧਾਰਾ ਨਾਲ ਜੋੜਨਾ ਵੀ ਉਤਨਾ ਹੀ ਜ਼ਰੂਰੀ ਹੈ।

ਇਸੇ ਲਈ ਪ੍ਰਧਾਨ ਮੰਤਰੀ ਨੇ ਨੌਜਵਾਨਾਂ ਨੂੰ ਅਜਿਹੇ ਪ੍ਰਭਾਵ ਤੋਂ ਬਚਾ ਕੇ ਵਿਕਸਿਤ ਭਾਰਤ ਦੇ ਨਿਰਮਾਣ ਦੀ ਮੁੱਖ ਧਾਰਾ ਨਾਲ ਜੋੜਨ ’ਤੇ ਜ਼ੋਰ ਦਿੱਤਾ। ਇਹੀ ਕਿਸੇ ਵੀ ਲੋਕਤੰਤਰੀ ਰਾਜ ਦੀ ਅਸਲ ਜਿੱਤ ਹੋਵੇਗੀ—ਜਦੋਂ ਨੌਜਵਾਨ ਆਪਣੀ ਆਵਾਜ਼ ਸੁਣਾਉਣ ਲਈ ਬੰਦੂਕ ਨਹੀਂ, ਸਿੱਖਿਆ, ਹੁਨਰ, ਲੋਕਤੰਤਰੀ ਸੰਸਥਾਵਾਂ ਅਤੇ ਸੰਵਿਧਾਨਕ ਮਾਰਗ ਨੂੰ ਚੁਣੇ।

ਰਾਸ਼ਟਰੀ ਸੁਰੱਖਿਆ ਅਤੇ ਲੋਕਤੰਤਰ ਇੱਕ-ਦੂਜੇ ਦੇ ਵਿਰੋਧੀ ਨਹੀਂ ਹਨ। ਮਜ਼ਬੂਤ ਸੁਰੱਖਿਆ ਲੋਕਤੰਤਰ ਦੀ ਰੱਖਿਆ ਕਰਦੀ ਹੈ ਅਤੇ ਮਜ਼ਬੂਤ ਲੋਕਤੰਤਰ ਹਿੰਸਕ ਵਿਚਾਰਧਾਰਾਵਾਂ ਦੀ ਜ਼ਮੀਨ ਖੋਹ ਲੈਂਦਾ ਹੈ।

ਅਜਿਹੇ ਮਾਮਲਿਆਂ ਵਿੱਚ ਕਾਰਵਾਈ ਦਾ ਆਧਾਰ ਕਿਸੇ ਵਿਅਕਤੀ ਦੇ ਵਿਚਾਰ ਨਹੀਂ, ਸਗੋਂ ਉਸ ਦੀ ਸਾਬਤ ਕੀਤੀ ਗਈ ਭੂਮਿਕਾ, ਇਰਾਦਾ ਅਤੇ ਕਾਨੂੰਨ ਅਧੀਨ ਕੀਤਾ ਗਿਆ ਕੰਮ ਹੋਣਾ ਚਾਹੀਦਾ ਹੈ। ਇਸ ਲਈ ‘ਦਿਮਾਗ਼ੀ ਨਕਸਲ’ ’ਤੇ ਚਰਚਾ ਹੋਵੇ—ਪਰ ਪੂਰੇ ਸੰਦਰਭ ਨਾਲ। ਦੇਸ਼ ਦੀ ਏਕਤਾ, ਅਖੰਡਤਾ ਅਤੇ ਸੁਰੱਖਿਆ ਨਾਲ ਖੇਡਣ ਵਾਲੀ ਕਿਸੇ ਵੀ ਹਿੰਸਕ ਵਿਚਾਰਧਾਰਾ ਨੂੰ ਕੋਈ ਵਿਚਾਰਧਾਰਕ ਜਾਂ ਸਿਆਸੀ ਸੁਰੱਖਿਆ ਵੀ ਨਾ ਮਿਲੇ। ਯਾਦ ਰਹੇ, ਬੰਦੂਕ ਨੂੰ ਹਰਾਉਣਾ ਸੁਰੱਖਿਆ ਦੀ ਜਿੱਤ ਹੈ; ਬੰਦੂਕ ਨੂੰ ਜਾਇਜ਼ ਠਹਿਰਾਉਣ ਵਾਲੀ ਸੋਚ ਨੂੰ ਹਰਾਉਣਾ ਰਾਸ਼ਟਰ-ਨਿਰਮਾਣ ਦੀ ਜਿੱਤ ਹੋਵੇਗੀ।

**- ਪ੍ਰੋ. ਸਰਚਾਂਦ ਸਿੰਘ ਖਿਆਲਾ**
**ਬੁਲਾਰਾ ਪੰਜਾਬ ਭਾਜਪਾ, 9781355522)**

# ਕੇਂਦਰ ਸਰਕਾਰ ਨੇ ਗਰੀਬ ਅਤੇ ਮੱਧ ਵਰਗ ਦੇ ਪਰਿਵਾਰਾਂ ਦਾ ਘਰੇਲੂ ਬਜਟ ਵਿਗਾੜ ਕੇ ਰੱਖ ਦਿੱਤਾ ਹੈ: ਚੱਕ



**ਮਹਿਲ ਕਲਾਂ ( ਰਣਜੀਤ ਸਿੰਘ ਪੇਧਨੀ )**-ਕੇਂਦਰ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਕਾਰਨ ਦਿਨੋਂ-ਦਿਨ ਵਧ ਰਹੀ ਮਹਿੰਗਾਈ ਨੇ ਆਮ ਲੋਕਾਂ, ਖ਼ਾਸ ਕਰਕੇ ਗਰੀਬ ਅਤੇ ਮੱਧ ਵਰਗ ਦੇ ਪਰਿਵਾਰਾਂ ਦਾ ਘਰੇਲੂ ਬਜਟ ਵਿਗਾੜ ਕੇ ਰੱਖ ਦਿੱਤਾ ਹੈ। ਰਸੋਈ ਤੋਂ ਲੈ ਕੇ ਬੱਚਿਆਂ ਦੀ ਪੜ੍ਹਾਈ ਅਤੇ ਇਲਾਜ ਤੱਕ ਹਰ ਖ਼ਰਚਾ ਆਮ ਪਰਿਵਾਰ ਦੀ ਪਹੁੰਚ ਤੋਂ ਬਾਹਰ ਹੁੰਦਾ ਜਾ ਰਿਹਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਵਿਧਾਨ ਸਭਾ ਹਲਕਾ ਮਹਿਲ ਕਲਾ ਤੋਂ ਕਾਂਗਰਸ ਪਾਰਟੀ ਦੀ ਟਿਕਟ ਦੇ ਪ੍ਰਮੁੱਖ ਦਾਅਵੇਦਾਰ ਕਮਲਜੀਤ ਸਿੰਘ ਚੱਕ ਨੇ ਕੀਤਾ। ਉਨ੍ਹਾਂ ਕਿਹਾ ਕਿ ਖਾਣ-ਪੀਣ ਦੀਆਂ ਵਸਤਾਂ, ਘਰੇਲੂ ਵਰਤੋਂ ਦੀਆਂ ਚੀਜ਼ਾਂ ਅਤੇ ਹੋਰ ਜ਼ਰੂਰੀ ਸਾਮਾਨ ਛੂ ਰਹੀਆਂ ਕੀਮਤਾਂ ਵਿੱਚ ਲਗਾਤਾਰ ਵਾਧੇ ਕਾਰਨ ਲੋਕਾਂ ਨੂੰ ਆਪਣੇ ਰੋਜ਼ਾਨਾ ਦੇ ਖ਼ਰਚੇ ਪੂਰੇ ਕਰਨ ਲਈ ਵੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਮਹਿੰਗਾਈ ਦਾ ਸਭ ਤੋਂ ਵੱਧ ਅਸਰ ਦਿਹਾੜੀਦਾਰ ਮਜ਼ਦੂਰਾਂ, ਛੋਟੇ ਦੁਕਾਨਦਾਰਾਂ ਅਤੇ ਘੱਟ ਆਮਦਨ ਵਾਲੇ ਪਰਿਵਾਰਾਂ ’ਤੇ ਪੈ ਰਿਹਾ ਹੈ। ਬੱਚਿਆਂ ਦੀ ਪੜ੍ਹਾਈ ਤੇ ਇਲਾਜ ਤਕ ਹਰ ਖ਼ਰਚਾ ਪਰਿਵਾਰ ਦੀ ਪਹੁੰਚ ਤੋਂ ਹੋਇਆ ਬਾਹਰ । ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਨੇ ਲੋਕਾਂ ਦੀਆਂ ਮੁਸ਼ਕਲਾਂ ਹੋਰ ਵਧਾ ਦਿੱਤੀਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਸਿਆਸੀ ਦਾਅਵਿਆਂ ਦੀ ਬਜਾਏ ਮਹਿੰਗਾਈ, ਬੇਰੁਜ਼ਗਾਰੀ ਅਤੇ ਆਮ ਲੋਕਾਂ ਦੀਆਂ ਬੁਨਿਆਦੀ ਸਮੱਸਿਆਵਾਂ ਵੱਲ ਤੁਰੰਤ ਧਿਆਨ ਦੇਣਾ ਚਾਹੀਦਾ ਹੈ। ਉਨ੍ਹਾਂ ਮੰਗ ਕੀਤੀ ਕਿ ਜ਼ਰੂਰੀ ਵਸਤਾਂ ਦੀਆਂ ਕੀਮਤਾਂ ਨੂੰ ਕਾਬੂ ਕਰਨ ਲਈ ਠੋਸ ਕਦਮ ਚੁੱਕੇ ਜਾਣ ਅਤੇ ਗਰੀਬ ਤੇ ਮੱਧ ਵਰਗ ਦੇ ਪਰਿਵਾਰਾਂ ਨੂੰ ਰਾਹਤ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਜੇਕਰ ਮਹਿੰਗਾਈ ’ਤੇ ਕਾਬੂ ਨਾ ਪਾਇਆ ਗਿਆ ਤਾਂ ਆਉਣ ਵਾਲੇ ਸਮੇਂ ਵਿੱਚ ਆਮ ਲੋਕਾਂ ਦੀਆਂ ਮੁਸ਼ਕਲਾਂ ਹੋਰ ਗੰਭੀਰ ਹੋ ਸਕਦੀਆਂ ਹਨ।

# ਵਿੱਤ ਮੰਤਰੀ ਪੰਜਾਬ ਦੀ ਡੀ ਏ ਸਬੰਧੀ ਪ੍ਰੈਸ ਕਾਨਫਰੰਸ ਝੂਠ ਦਾ ਪੁਲੰਦਾ : ਇੰਜ ਸ਼ੇਰਗਿੱਲ



**ਚੌਕ ਮਹਿਤਾ, 4 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ੍ਰੀ ਅੰਮ੍ਰਿਤਸਰ ਅੱਜ ਮਿਤੀ 3/9/2026 ਨੂੰ ਮਜੀਠਾ ਰੋਡ ਤੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀ ਸਾਂਝੀ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਪੈਨਸ਼ਨਰਜ਼ ਮਹਾਸੰਘ ਦੇ ਮੈਂਬਰ ਅਤੇ ਅਧਿਕਾਰ ਸੰਘਰਸ਼ ਪਾਰਟੀ ਪ੍ਰਧਾਨ ਇੰਜ ਗੁਰਬਖਸ਼ ਸਿੰਘ ਸ਼ੇਰਗਿੱਲ ਨੇ ਕਿਹਾ ਕਿ ਅੱਜ ਜਦੋਂ ਪ੍ਰੈਸ ਕਾਨਫਰੰਸ ਵਿੱਤ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਪੰਜਾਬ ਪ੍ਰਧਾਨ ਅਮਨ ਅਰੋੜਾ ਅਤੇ ਬਲਜੀਤ ਕੌਰ ਮੰਤਰੀ ਵਲੋਂ ਕੀਤੀ ਗਈ ਹੈ ਉਹ ਜਨਤਾ ਨੂੰ ਗੁੰਮਰਾਹ ਕਰ ਰਹੇ ਹਨ। ਜੋ ਅੰਕੜੇ ਉਹ ਮੀਡੀਆ ਵਿੱਚ ਦੱਸ ਰਹੇ ਹਨ ਸਭ ਕੋਰਾ ਝੂਠ ਹੈ। ਸੰਨ 2020 ਤੋਂ ਬਾਅਦ ਭਰਤੀ ਹੋਏ ਕਲੱਰਕ ਅਤੇ ਪੰਜਾਬ ਪੁਲਿਸ ਦੇ ਸਿਪਾਹੀ ਨੂੰ 19900/ਰੁਪਏ ਬੇਸਿਕ ਤਨਖਾਹ ਦਿੱਤੀ ਜਾ ਰਹੀ ਹੈ ਜਦੋਂ ਕਿ ਵਿੱਤ ਮੰਤਰੀ ਬੇਸਿਕ ਪੇ 35000/ਰੁਪਏ ਤੋਂ ਵੱਧ ਦੱਸ ਰਹੇ ਹਨ। ਇੰਜ ਸ਼ੇਰਗਿੱਲ ਨੇ ਕਿਹਾ ਕਿ ਜੇਕਰ ਪੰਜਾਬ ਵਿੱਚ ਜੁਡੀਸਰੀ ਅਤੇ ਆਈ ਏਂ ਐਸ/ਆਈ ਪੀ ਐਸ ਅਫਸਰਾਂ ਨੂੰ 60% ਡੀ ਏ ਦਿਤਾ ਜਾ ਰਿਹਾ ਹੈ ਤਾਂ ਬਾਕੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਕਿਉਂ ਨਹੀਂ ਦਿੱਤਾ ਜਾ ਸਕਦਾ। ਹੈਰਾਨੀ ਦੀ ਗੱਲ ਤਾਂ ਹੋਰ ਵੀ ਹੈ ਕਿ ਜਿਨ੍ਹਾਂ ਮੁਲਾਜ਼ਮਾਂ ਨੂੰ ਸੈਂਟਰ ਵਾਲਾ 7ਵਾਂ ਪੇ ਸਕੇਲ ਦਿਤਾ ਜਾ ਰਿਹਾ ਡੀ ਏ ਉਹਨਾਂ ਵੀ 42% ਹੀ ਦਿੱਤਾ ਜਾ ਰਿਹਾ, ਇੰਜ ਸ਼ੇਰਗਿੱਲ ਨੇ ਕਿਹਾ ਕਿ ਸਰਕਾਰ ਦੋਹਰੇ ਮਾਪਦੰਡ ਵੀ ਵਰਤ ਰਹੀ ਹੈ ਅਤੇ ਗੁਮਰਾਹ ਵੀ ਕਰ ਰਹੀ ਹੈ। ਜਿਹੜੇ ਮੁਲਾਜ਼ਮਾਂ ਨੂੰ ਘਟਾ ਕੇ ਕੇਂਦਰ ਦੇ ਬਰਾਬਰ ਤਨਖਾਹ ਦਿੱਤੀ ਜਾ ਰਹੀ ਹੈ ਉਹਨਾਂ ਨੂੰ ਵੀ ਡੀ ਏ 60% ਦੇਣਾ ਬਣਦਾ ਹੈ ਪਰ ਸਰਕਾਰ ਅਜਿਹਾ ਨਾ ਕਰਕੇ ਝੂਠ ਦਾ ਸਹਾਰਾ ਲੈ ਕੇ ਆਮ ਜਨਤਾ ਨੂੰ ਗੁੰਮਰਾਹ ਕਰ ਰਹੀ ਹੈ। ਉਹਨਾਂ ਕਿਹਾ ਕਿ ਲੋਕ ਹੁਣ ਸੱਚ ਝੂਠ ਸ਼ਭ ਸਮਝਦੇ ਹਨ ਅਤੇ ਉਹ ਸਰਦਾਰ ਭਗਵੰਤ ਮਾਨ ਦੀਆਂ ਗੱਲਾਂ ਵਿੱਚ ਨਹੀਂ ਆਉਣ ਵਾਲੇ । ਮੀਟਿੰਗ ਇੰਜ ਦੇਵ ਪ੍ਰਕਾਸ਼ ਸਹੋਤਾ, ਰਣਬੀਰ ਸਿੰਘ ਗਿੱਲ, ਇੰਜ ਰਾਮ ਸਿੰਘ, ਪਾਰਟੀ ਮੀਡੀਆ ਇੰਚਾਰਜ ਹਰਪ੍ਰੀਤ ਸਿੰਘ ਅਤੇ ਹੋਰ ਮੈਂਬਰਾਂ ਨੇ ਸਰਕਾਰ ਦੇ ਅੜੀਅਲ ਵਤੀਰੇ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ।

# ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਪ੍ਰਤੀ ਪੰਜਾਬ ਸਰਕਾਰ ਦਾ ਰਵੱਈਆ ਨਿਰਾਸ਼ਾਜਨਕ : ਡਾ. ਜਗਜੀਵਨ ਸਿੰਘ ਸੇਰਪੁਰ



ਸੇਰਪੁਰ ( ਰਣਜੀਤ ਸਿੰਘ ਪੇਧਨੀ ) ਉੱਘੇ ਸਮਾਜ ਸੇਵੀ ਡਾਕਟਰ ਜਗਜੀਵਨ ਸਿੰਘ ਸੇਰਪੁਰ ਨੇ ਪੰਜਾਬ ਸਰਕਾਰ ਵੱਲੋਂ ਸਰਕਾਰੀ ਮੁਲਾਜ਼ਮਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਹੱਕੀ ਮੰਗਾਂ ਨੂੰ ਅਣਗੌਲਿਆਂ ਕਰਨ ਦੀ ਸਖ਼ਤ ਨਿੰਦਾ ਕਰਦਿਆਂ ਕਿਹਾ ਕਿ ਮਹਿੰਗਾਈ ਦੇ ਦੌਰ ਵਿੱਚ ਮੁਲਾਜ਼ਮਾਂ ਨੂੰ ਡੀ.ਏ. ਦੀਆਂ ਬਕਾਇਆ ਕਿਸ਼ਤਾਂ ਨਾ ਦੇਣਾ ਅਤੇ ਉਨ੍ਹਾਂ ਦੇ ਬਣਦੇ ਬਕਾਏ ਰੋਕੀ ਰੱਖਣਾ ਬੇਹੱਦ ਨਿਰਾਸ਼ਾਜਨਕ ਹੈ। ਇਸ ਦੇ ਨਾਲ ਹੀ ਪੁਰਾਣੀ ਪੈਨਸ਼ਨ ਸਕੀਮ (ਓ.ਪੀ.ਐੱਸ.) ਦੀ ਬਹਾਲੀ ਦੀ ਮੰਗ ਵੀ ਲੰਮੇ ਸਮੇਂ ਤੋਂ ਲਟਕ ਰਹੀ ਹੈ, ਜਦਕਿ ਇਹ ਮੁਲਾਜ਼ਮਾਂ ਦੇ ਭਵਿੱਖ ਦੀ ਸਮਾਜਿਕ ਤੇ ਆਰਥਿਕ ਸੁਰੱਖਿਆ ਨਾਲ ਸਿੱਧੇ ਤੌਰ ’ਤੇ ਜੁੜਿਆ ਮਸਲਾ ਹੈ। ਉਨਾ ਕਿਹਾ ਕਿ ਸਰਕਾਰ ਵੱਲੋਂ ਵਾਰ-ਵਾਰ ਭਰੋਸੇ ਦੇਣ ਦੀ ਬਜਾਏ ਮੁਲਾਜ਼ਮਾਂ ਦੀਆਂ ਮੰਗਾਂ ’ਤੇ ਠੋਸ ਅਤੇ ਤੁਰੰਤ ਫ਼ੈਸਲੇ ਲਏ ਜਾਣ। ਉਨ੍ਹਾਂ ਛੇਵੇਂ ਤਨਖ਼ਾਹ ਕਮਿਸ਼ਨ ਦੇ ਬਕਾਏ, ਤਨਖ਼ਾਹਾਂ ਤੇ ਭੱਤਿਆਂ ਨਾਲ ਸਬੰਧਤ ਮਸਲਿਆਂ, ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਅਤੇ ਹੋਰ ਲੰਬਿਤ ਮੰਗਾਂ ਦਾ ਵੀ ਤੁਰੰਤ ਨਿਪਟਾਰਾ ਕਰਨ ਦੀ ਮੰਗ ਕੀਤੀ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਨੂੰ ਹੋਰ ਲਟਕਾਇਆ ਤਾਂ ਯੂਨੀਅਨ ਵੱਲੋਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਉਨ੍ਹਾਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਡੀ.ਏ. ਦੀਆਂ ਬਕਾਇਆ ਕਿਸ਼ਤਾਂ ਜਾਰੀ ਕਰਕੇ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਸਮੇਤ ਸਾਰੀਆਂ ਹੱਕੀ ਮੰਗਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ।




### ਭਵਨਜ਼ ਐਸ.ਐਲ. ਪਬਲਿਕ ਸਕੂਲ ਵਿੱਚ

# ਦੋ ਇੰਟਰੈਕਟ ਕਲੱਬਾਂ ਦੀ ਸਥਾਪਨਾ



**ਚੌਕ ਮਹਿਤਾ, 4 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਰੋਟਰੀ ਕਲੱਬ ਆਫ਼ ਅੰਮ੍ਰਿਤਸਰ ਮਿਡਟਾਊਨ ਵੱਲੋਂ ਭਵਨਜ਼ ਐਸ.ਐਲ. ਪਬਲਿਕ ਸਕੂਲ, ਅੰਮ੍ਰਿਤਸਰ ਵਿੱਚ ਦੋ ਨਵੇਂ ਇੰਟਰੈਕਟ ਕਲੱਬਾਂ ਦੀ ਸਥਾਪਨਾ ਕੀਤੀ ਗਈ। ਇਸ ਮੌਕੇ ਰੋਟਰੀ ਡਿਸਟ੍ਰਿਕਟ ਗਵਰਨਰ ਰੋਟੇਰੀਅਨ ਅਨਿਲ ਸਿੰਗਲ ਮੁੱਖ ਮਹਿਮਾਨ ਸਨ, ਜਦਕਿ ਡਿਸਟ੍ਰਿਕਟ ਇੰਟਰੈਕਟ ਚੇਅਰ ਰੋਟੇਰੀਅਨ ਨੀਰੂ ਇਸਰ ਨੇ ਇੰਸਟਾਲਿੰਗ ਅਫ਼ਸਰ ਵਜੋਂ ਕਲੱਬਾਂ ਦੀ ਸਥਾਪਨਾ ਕਰਵਾਈ। ਪੇਰੈਂਟ ਕਲੱਬ ਦੇ ਪ੍ਰਧਾਨ ਰੋਟੇਰੀਅਨ ਹਰਪ੍ਰੀਤ ਸਿੰਘ ਨੇ ਮੁੱਖ ਮਹਿਮਾਨ, ਰੋਟੇਰੀਅਨਜ਼, ਸਕੂਲ ਪ੍ਰਬੰਧਕਾਂ, ਅਧਿਆਪਕਾਂ ਅਤੇ ਇੰਟਰੈਕਟਰਾਂ ਦਾ ਸਵਾਗਤ ਕੀਤਾ ਅਤੇ ਵਿਦਿਆਰਥੀਆਂ ਨੂੰ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੱਤੀ ਇਸ ਮੌਕੇ ਸੰਬੋਧਨ ਕਰਦਿਆਂ ਰੋਟੇਰੀਅਨ ਅਨਿਲ ਸਿੰਗਲ ਨੇ ਕਿਹਾ ਕਿ ਇੰਟਰੈਕਟ ਕਲੱਬ 12 ਤੋਂ 18 ਸਾਲ ਦੀ ਉਮਰ ਦੇ ਨੌਜਵਾਨਾਂ ਨੂੰ ਇਕੱਠਾ ਕਰਕੇ ਉਨ੍ਹਾਂ ਵਿੱਚ ਲੀਡਰਸ਼ਿਪ ਦੇ ਗੁਣ ਵਿਕਸਿਤ ਕਰਨ ਦੇ ਨਾਲ-ਨਾਲ "Service Above Self" ਦੀ ਭਾਵਨਾ ਪੈਦਾ ਕਰਦੇ ਹਨ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਮਾਜ ਸੇਵਾ ਦੇ ਕਾਰਜਾਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਅਤੇ ਲੋੜਵੰਦਾਂ ਦੀ ਮਦਦ ਕਰਨ ਲਈ ਪ੍ਰੇਰਿਤ ਕੀਤਾ। ਸਮਾਗਮ ਵਿੱਚ PDG ਅਵਿਨਾਸ਼ ਮੋਹਿੰਦਰੂ, ਰੋਟੇਰੀਅਨ ਪਰਵੀਨ ਮਹਾਜਨ, ਆਰ.ਕੇ. ਬੇਦੀ, ਸੰਦੀਪ ਸਹਿਗਲ, ਅਸ਼ਵਨੀ ਮਲਹੋਤਰਾ, ਡਾ. ਅਮਨਪਾਲ ਕੌਰ, ਵਿਸ਼ਾਲ ਖੁਰਾਨਾ ਅਤੇ ਨਰੇਸ਼ ਆਨੰਦ ਹਾਜ਼ਰ ਸਨ। ਸਕੂਲ ਡਾਇਰੈਕਟਰ ਡਾ. ਸ਼੍ਰੀਮਤੀ ਅਨੀਤਾ ਭੱਲਾ, ਪ੍ਰਿੰਸੀਪਲ ਸੋਨੀਆ ਸਹਿਦੇਵ ਅਤੇ ਪ੍ਰਿੰਸੀਪਲ ਵਿਨੀਤਾ ਮੋਹਿੰਦਰੂ ਸਮੇਤ ਦੋਵੇਂ ਭਵਨਜ਼ ਸਕੂਲਾਂ ਦਾ ਸਟਾਫ਼ ਵੀ ਮੌਜੂਦ ਸੀ। ਨਵੇਂ ਇੰਟਰੈਕਟਰਾਂ ਨੇ ਸਮਾਜ ਅਤੇ ਸਕੂਲ ਲਈ ਸੇਵਾ ਕਾਰਜ ਕਰਨ ਦਾ ਉਤਸ਼ਾਹ ਪ੍ਰਗਟਾਇਆ।

ਆਵਾਜ਼ਿ ਕੌਮ AWAZE QAUM International Newspaper & WEB TV

# ਭਾਦੋਂ ਦੀ ਧੁੱਪ



ਤਪਿਆ ਰਹੇਂ ਭਾਦੋਂ ਦੀ ਧੁੱਪ ਵਾਂਗੂੰ,
ਠੰਢਾ ਠਾਰ ਨਾ ਪੋਹ ਦੇ ਵਾਂਗ ਰਹਿੰਦਾ।
ਕੰਮ ਮੁੱਕੇ ਨਾ ਕਿਸੇ ਦੇ ਮੁੱਕ ਹੋਣੇ,
ਦੋ ਪਲ਼ ਨਾ ਕੋਲ ਤੂੰ ਆਣ ਬਹਿੰਦਾ।
ਕੀ ਹੋ ਗਿਆ ਦੱਸ ਗੁਨਾਹ ਸਾਥੋਂ,
ਗੱਲ ਪਿਆਰ ਦੀ ਸੁਣੇ ਤੇ ਨਾ ਕਹਿੰਦਾ।
ਗੁੱਸੇ ਹੋਜੇ ਝੱਲੇ ਨਾ ਗੱਲ ਆਖੀ,
ਕੀ ਹੋ ਗਿਆ ਕਾਹਤੋਂ ਨੀ ਗੱਲ ਸਹਿੰਦਾ।
ਵਾਂਗ ਬੱਚਿਆਂ ਦਿੰਨਾਂ ਏ ਝਿੜਕ ਕਾਹਤੋਂ,
ਹੋਜ਼ੇ ਲਾਲ ਸੂਰਜ ਵੇ ਜਿਉਂ ਲਹਿੰਦਾ।
ਪਾਈ ਜਾਨਾਂ ਏਂ ਦੂਰੀ ਕਿਸ ਗੱਲੋਂ,
ਪਹਿਲਾ ਵਾਂਗ ਨਾ ਮੁੱਖੋਂ ਤੂੰ ਨਾਮ ਲੈਂਦਾ।
ਮੁੱਖ ਮੋੜ ਨਾ ਹਾੜ੍ਹੇ ਗੁਰਮੇਲ ਭੱਟੀ,
ਪੈ ਜਾਂਦਾ ਫਰਕ ਵੇ ਪੈਂਦਾ ਪੈਂਦਾ।
ਪੈ ਜਾਂਦਾ ਫਰਕ ਵੇ ਪੈਂਦਾ ਪੈਂਦਾ।

**-ਗੁਰਮੇਲ ਭੱਟੀ, ਕੌਰੇਆਣਾ, ਸੰਪਰਕ: 9876684438**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਮਨੀਸ਼ ਨੇ ਚੇਅਰਮੈਨ ਘੁੱਲੀ ਨੂੰ

# ਦੁਬਾਰਾ ਮਾਰਕੀਟ ਕਮੇਟੀ ਦੇ ਚੇਅਰਮੈਨ ਬਣਨ 'ਤੇ ਕੀਤਾ ਵਿਸ਼ੇਸ਼ ਸਨਮਾਨ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਫਤਰ ਇੰਚਾਰਜ ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੂੰ ਦੁਬਾਰਾ ਮਾਰਕੀਟ ਕਮੇਟੀ ਦਾ ਚੇਅਰਮੈਨ ਬਣਨ ਤੇ ਉੱਘੇ ਸਮਾਜ ਸੇਵੀ ਮਨੀਸ਼ ਕੁਮਾਰ ਨੇ ਸਾਥੀਆਂ ਸਮੇਤ ਮਾਰਕੀਟ ਕਮੇਟੀ ਵਿੱਚ ਪਹੁੰਚ ਕੇ ਉਹਨਾਂ ਦਾ ਵਿਸ਼ੇਸ਼ ਸਨਮਾਨ ਕੀਤਾ।ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਚੇਅਰਮੈਨ ਕੁਲੀ ਨੇ ਕਿਹਾ ਕਿ ਪਾਰਟੀ ਵੱਲੋਂ ਦਿੱਤੀ ਗਈ ਸੇਵਾ ਨੂੰ ਉਹ ਤਨ ਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ

ਆਵਾਜ਼ਿ ਕੌਮ AWAZE QAUM International Newspaper & WEB TV

ਜਿਵੇਂ ਹੀ ਪਿਛਲੇ ਤਿੰਨ ਸਾਲਾਂ ਵਿੱਚ ਉਹਨਾਂ ਵੱਲੋਂ ਮਾਰਕੀਟ ਕਮੇਟੀ ਦੇ ਅੰਦਰ ਆਉਂਦੀਆਂ ਮੰਡੀਆਂ ਦੇ ਫੜਾ ਨੂੰ ਪੱਕਾ ਕਰਾਉਣ ਵਿੱਚ ਆਪਣਾ ਅਹਿਮ ਯੋਗਦਾਨ ਪਾਇਆ ਉਸੇ ਹੀ ਤਰਾਂ ਆਉਣ ਵਾਲੀ ਸਮੇਂ ਵਿੱਚ ਰਹਿੰਦੀਆਂ ਮੰਡੀਆਂ ਨੂੰ ਹੋਰ ਸਹੂਲਤਾਂ ਦੇ ਕੇ ਕਾਮਯਾਬ ਬਣਾਉਣ ਵਿੱਚ ਆਪਣਾ ਅਹਿਮ ਯੋਗਦਾਨ ਪਾਉਣਗੇ। ਇਸ ਮੌਕੇ ਆਪ ਆਗੂ ਭਿੰਦਾ ਵਿਰਕ, ਆਪ ਆਗੂ ਮਾਣਾ ਮਾਣਾ ਗਰੇਵਾਲ, ਆਪ ਆਗੂ ਹਰਦੀਪ ਸਿੰਘ, ਆਪ ਆਗੂ ਅਮਨਦੀਪ ਸਿੰਘ ਹਾਜਰ ਸਨ।

### ਸੰਤ ਚੁਗੱਤ ਸਿੰਘ ਤੇ ਸੰਤ ਜੋਗਿੰਦਰ ਸਿੰਘ ਦੀ ਯਾਦ ਨੂੰ ਸਮਰਪਿਤ

# ਸਾਲਾਨਾ ਗੁਰਮਤਿ ਸਮਾਗਮ 8 ਤੋਂ 9 ਸਤੰਬਰ ਨੂੰ - ਸੰਤ ਬਾਬਾ ਕਵਲਜੀਤ ਸਿੰਘ ਜੀ

ਚੌਕ ਮਹਿਤਾ,4 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)- ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਸ਼ੁਰੂ ਪ੍ਰਾਪਤ ਇਤਿਹਾਸਕ ਗੁਰਦੁਆਰਾ ਨਾਗੀਆਣਾ ਸਾਹਿਬ

ਆਵਾਜ਼ਿ ਕੌਮ AWAZE QAUM International Newspaper & WEB TV

ਉਦੋਕੇ ਦੇ ਸੱਚਖੰਡ ਵਾਸੀ ਸੰਤ ਚੁਗੱਤ ਸਿੰਘ ਤੇ ਸੰਤ ਜੋਗਿੰਦਰ ਸਿੰਘ ਦੀ ਮਿਠੜੀ ਯਾਦ ਨੂੰ ਸਮਰਪਿਤ 12ਵਾਂ ਸਾਲਾਨਾ ਗੁਰਮਤਿ ਸਮਾਗਮ 8 ਤੇ 9 ਸਤੰਬਰ ਨੂੰ ਸ਼ਰਧਾ ਨਾਲ ਪਿੰਡ, ਐੱਨ. ਆਰ. ਆਈ. ਵੀਰਾਂ ਤੇ ਇਲਾਕੇ ਦੀ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ। ਇਸ ਸੰਬੰਧੀ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਕੰਵਲਜੀਤ ਸਿੰਘ ਨੇ ਦੱਸਿਆ ਕਿ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਦੋ ਦਿਨ ਚੱਲਣ ਵਾਲੇ ਮਹਾਨ ਧਾਰਮਿਕ ਸਮਾਗਮ



'ਚ 8 ਸਤੰਬਰ ਦਿਨ ਮੰਗਲਵਾਰ ਨੂੰ ਹਾਜ਼ਰੀ ਭਰ ਰਹੇ ਕੀਰਤਨੀ ਜਥੇ ਅਤੇ ਕਥਾਵਾਚਕ ਸੰਤ, ਬਾਬਾ ਚੁਗੱਤ ਸਿੰਘ ਗੁਰਮਤਿ ਸੰਗੀਤ ਵਿਦਿਆਲੇ ਦੇ ਵਿਦਿਆਰਥੀ, ਹਜ਼ੂਰੀ ਰਾਗੀ ਭਾਈ ਮਨਿੰਦਰ ਸਿੰਘ ਸ੍ਰੀ ਹਰਿਮੰਦਰ ਸਾਹਿਬ, ਅੰਮ੍ਰਿਤਸਰ, ਹਜ਼ੂਰੀ ਰਾਗੀ ਭਾਈ ਜੁਝਾਰ ਸਿੰਘ ਸ੍ਰੀ ਹਰਿਮੰਦਰ ਸਾਹਿਬ, ਰਾਗੀ ਭਾਈ ਸਰਬਜੀਤ ਸਿੰਘ ਪਟਨਾ ਸਾਹਿਬ ਵਾਲੇ, ਗਿਆਨੀ ਜਸਵੰਤ ਸਿੰਘ ਮੰਜੀ ਸਾਹਿਬ ਅੰਮ੍ਰਿਤਸਰ, ਸਿੰਘ ਸਾਹਿਬ ਗਿਆਨੀ ਸੰਤ ਚੁਗੱਤ ਸਿੰਘ ਤੇ ਸੰਤ ਜੋਗਿੰਦਰ ਸਿੰਘ ।ਮਾਨ ਸਿੰਘ ਅੰਮ੍ਰਿਤਸਰ, ਭਾਈ ਪ੍ਰਭਜੋਤ ਸਿੰਘ ਹਜ਼ੂਰੀ ਰਾਗੀ ਗੁ. ਨਾਗੀਆਣਾ ਸਾਹਿਬ ਵਾਲੇ ਅਤੇ 9 ਸਤੰਬਰ ਦਿਨ ਬੁੱਧਵਾਰ ਨੂੰ ਹਾਜ਼ਰੀ ਭਰ ਰਹੇ ਢਾਡੀ ਜਥਾ ਭਾਈ ਸਤਨਾਮ ਸਿੰਘ ਲਾਲੂ ਘੁੰਮਣ, ਬੀਬੀ ਜਸਵੀਰ ਕੌਰ ਜੱਸ ਸੁਲਤਾਨਪੁਰ ਲੋਧੀ ਢਾਡੀ ਜਥਾ, ਕਵੀਸ਼ਰ ਭਾਈ ਮਨਜੀਤ ਸਿੰਘ ਸੋਹੀ, ਕਵੀਸ਼ਰ ਭਾਈ ਝੰਡਾ ਸਿੰਘ, ਮੰਗਲ ਸਿੰਘ ਉਦੋਕੇ ਢਾਡੀ ਭਾਈ ਕਵਲਜੀਤ ਸਿੰਘ ਜਾਹਦਪੁਰ,ਢਾਡੀ ਭਾਈ ਮਲਕੀਤ ਸਿੰਘ ਬੱਗਾ ਆਦਿ ਸੰਗਤਾਂ ਨੂੰ ਗੁਰ ਇਤਿਹਾਸ ਸੁਣਾ ਕੇ ਨਿਹਾਲ ਕਰਨਗੇ ਅਤੇ ਸ਼ਾਮ 4 ਵਜੇ ਮਾਤਾ ਸੁਲੱਖਣੀ ਕਬੱਡੀ ਕਲੱਬ ਬਟਾਲਾ, ਐਮ.ਡੀ. ਲਾਇਨਜ਼ ਕਬੱਡੀ ਕਲੱਬ ਦੀਆਂ ਟੀਮਾਂ ਵਿਚਕਾਰ ਕਬੱਡੀ ਮੈਚ ਕਰਵਾਇਆ ਜਾਵੇਗਾ।

### ਅਕਾਲ ਯੂਨੀਵਰਸਿਟੀ ਵਿਖੇ 'ਸਾਈਬਰ ਹਾਈਜੀਨ ਅਤੇ

# ਸਾਈਬਰ ਅਪਰਾਧ ਬਾਰੇ ਜਾਗਰੂਕਤਾ' ਸੈਮੀਨਾਰ ਦਾ ਆਯੋਜਨ



**ਤਲਵੰਡੀ ਸਾਬੋ, 04 ਸਤੰਬਰ (ਗੁਰਜੰਟ ਸਿੰਘ ਨਥੇਹਾ)**- ਅਕਾਲ ਯੂਨੀਵਰਸਿਟੀ ਦੇ ਕੰਪਿਊਟਰ ਸਾਇੰਸ ਅਤੇ ਇੰਜੀਨੀਅਰਿੰਗ ਵਿਭਾਗ ਵੱਲੋਂ ਐੱਨ.ਐੱਸ.ਐੱਸ. ਯੂਨਿਟ ਦੀ ਗਤੀਵਿਧੀ ਤਹਿਤ ਵਿਦਿਆਰਥੀਆਂ ਨੂੰ ਡਿਜੀਟਲ ਦੁਨੀਆ ਵਿੱਚ ਸੁਰੱਖਿਅਤ ਰਹਿਣ ਅਤੇ ਜਾਗਰੂਕ ਕਰਨ ਦੇ ਮਕਸਦ ਨਾਲ "ਸਾਈਬਰ ਹਾਈਜੀਨ ਅਤੇ ਸਾਈਬਰ ਅਪਰਾਧ ਬਾਰੇ ਜਾਗਰੂਕਤਾ" 'ਤੇ ਇੱਕ ਵਿਸ਼ੇਸ਼ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਯੂਨੀਵਰਸਿਟੀ ਦੇ ਸੈਮੀਨਾਰ ਹਾਲ 'ਚ ਕਰਵਾਏ ਗਏ ਇਸ ਸਮਾਗਮ ਵਿੱਚ 120 ਦੇ ਲਗਭਗ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਇਸ ਸਮਾਗਮ ਦੇ ਕੋਆਰਡੀਨੇਟਰ ਮੈਡਮ ਸੁਖਦੀਪ ਕੌਰ ਸਨ। ਸੈਮੀਨਾਰ ਦੌਰਾਨ ਮੁੱਖ ਬੁਲਾਰੇ ਵਜੋਂ ਸ਼ਿਰਕਤ ਕਰਦਿਆਂ ਕੰਪਿਊਟਰ ਸਾਇੰਸ ਵਿਭਾਗ ਦੇ ਮੁਖੀ ਡਾ. ਉਪਿੰਦਰ ਕੌਰ ਨੇ ਅੱਜ ਦੇ ਡਿਜੀਟਲ ਯੁੱਗ ਵਿੱਚ ਸਾਈਬਰ ਸੁਰੱਖਿਆ ਦੇ ਮਹੱਤਵ 'ਤੇ ਚਾਨਣਾ ਪਾਇਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਰੋਜ਼ਾਨਾ ਜੀਵਨ ਵਿੱਚ ਵਾਪਰਨ ਵਾਲੇ ਸਾਈਬਰ ਅਪਰਾਧਾਂ ਜਿਵੇਂ ਕਿ ਅਨਜਾਣ ਲਿੰਕ, ਠੱਗੀ ਦੀਆਂ ਕਾਲਾਂ, ਪਛਾਣ ਦੀ ਚੋਰੀ, ਵਿੱਤੀ ਧੋਖਾਧੜੀ, ਅਤੇ ਸੋਸ਼ਲ ਮੀਡੀਆ ਸਕੈਮਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਡਾ. ਉਪਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਸਾਈਬਰ ਹਮਲਿਆਂ ਤੋਂ ਬਚਣ ਲਈ ਜ਼ਰੂਰੀ ਨੁਕਤੇ ਦੱਸੇ, ਜਿਵੇਂ ਕਿ ਮਜ਼ਬੂਤ ਅਤੇ ਵੱਖ-ਵੱਖ ਪਾਸਵਰਡਾਂ ਦੀ ਵਰਤੋਂ ਕਰਨਾ, ਮਲਟੀ-ਫੈਕਟਰ ਅਥੈਂਟੀਕੇਸ਼ਨ ਚਾਲੂ ਰੱਖਣਾ, ਸੋਸ਼ਲ ਮੀਡੀਆ 'ਤੇ ਨਿੱਜੀ ਜਾਣਕਾਰੀ ਸਾਂਝੀ ਨਾ ਕਰਨਾ ਅਤੇ ਸ਼ੱਕੀ ਸੁਨੇਹਿਆਂ ਤੋਂ ਸਾਵਧਾਨ ਰਹਿਣਾ। ਕੰਪਿਊਟਰ ਸਾਇੰਸ ਤੇ ਇੰਜੀਨੀਅਰਿੰਗ ਵਿਭਾਗ ਅਤੇ ਲਿਬਰਲ ਆਰਟਸ ਵਿਭਾਗ ਦੇ ਵਿਦਿਆਰਥੀਆਂ ਨੇ ਇਸ ਵਿਚਾਰ-ਵਟਾਂਦਰੇ ਵਿੱਚ ਸਰਗਰਮੀ ਨਾਲ ਭਾਗ ਲਿਆ ਅਤੇ ਸਾਈਬਰ ਸੁਰੱਖਿਆ ਨਾਲ ਜੁੜੇ ਆਪਣੇ ਸਵਾਲ ਪੁੱਛੇ। ਐੱਨ.ਐੱਸ.ਐੱਸ. ਯੂਨਿਟ ਦੀ ਇਸ ਪਹਿਲਕਦਮੀ ਤਹਿਤ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਗਿਆ ਕਿ ਉਹ ਪ੍ਰਾਪਤ ਕੀਤੀ ਜਾਣਕਾਰੀ ਨੂੰ ਕੇਵਲ ਆਪਣੇ ਤੱਕ ਸੀਮਤ ਨਾ ਰੱਖਣ, ਸਗੋਂ ਆਪਣੇ ਪਰਿਵਾਰਾਂ ਅਤੇ ਸਮਾਜ ਵਿੱਚ ਵੀ ਸਾਈਬਰ ਜਾਗਰੂਕਤਾ ਫੈਲਾਉਣ ਤਾਂ ਜੋ ਇੱਕ ਸੁਰੱਖਿਅਤ ਡਿਜੀਟਲ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬੀ ਨੌਜਵਾਨਾਂ ਦੀ ਵਿਦੇਸ਼ਾਂ ਨੂੰ ਨਿਰੰਤਰ ਪਰਵਾਸ ਲਈ ਤਤਕਾਲੀ ਤੇ ਮੌਜੂਦਾ ਪੰਜਾਬ ਸਰਕਾਰਾਂ ਜ਼ਿੰਮੇਵਾਰ—ਇੰਜ ਸੁਰਿੰਦਰ ਸਿੰਘ ਭਿੰਡਰ

ਫ਼ਿਰੋਜ਼ਪੁਰ, 04 ਸਤੰਬਰ (ਮਨੋਹਰ ਲਾਲ) :— ਅਧਿਕਾਰ ਸੰਘਰਸ਼ ਪਾਰਟੀ ਦੇ ਪੰਜਾਬ ਪ੍ਰਧਾਨ ਤੇ ਪ੍ਰਮੁੱਖ ਸਲਾਹਕਾਰ ਇੰਜ ਸੁਰਿੰਦਰ ਸਿੰਘ ਭਿੰਡਰ ਨੇ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸੂਬੇ ਦੇ ਨੌਜਵਾਨਾਂ ਦੀ ਬਗਾਨੇ ਦੇਸ਼ਾਂ ਨੂੰ ਲਗਾਤਾਰ ਹਿਜਰਤ ਲਈ ਸੱਤਾ ਹੰਢਾ ਚੁੱਕੀਆਂ ਸਰਕਾਰਾਂ ਜਾਂ ਮੌਜੂਦਾ ਸਰਕਾਰ ਸਿੱਧੇ ਜਾਂ ਅਸਿੱਧੇ ਰੂਪ ਵਿੱਚ ਜ਼ਿੰਮੇਵਾਰ ਹਨ। ਇੰਜ ਸੁਰਿੰਦਰ ਸਿੰਘ ਭਿੰਡਰ ਨੇ ਕਿਹਾ ਕਿ ਕੁਦਰਤ ਨੇ ਮਨੁੱਖ ਨੂੰ ਖ਼ੂਬਸੂਰਤ ਵਾਤਾਵਰਨ ਦਿੱਤਾ ਹੈ, ਮਨੁੱਖ ਨੇ ਅੱਗੇ ਸਮੁੱਚੀ ਧਰਤੀ ਨੂੰ ਵੱਖ—ਵੱਖ ਮੁਲਕਾਂ ਅਤੇ ਖਿੱਤਿਆਂ ਵਿੱਚ ਵੰਡਿਆ ਹੋਇਆ ਹੈ।ਸਵਾਲ ਇਹ ਹੈ ਕਿ ਕੁੱਝ ਦੇਸ਼ ਆਪਣੇ ਸਿਸਟਮ ਦੀਆਂ ਬੁਰਾਈਆਂ ਕਾਰਨ ਅੱਗੇ ਵਿਕਸਤ ਹੋਣ ਵਿਚ ਅਸਮਰਥ ਹਨ। ਪੰਜਾਬ ਪ੍ਰਧਾਨ ਇੰਜ ਭਿੰਡਰ ਨੇ ਕਿਹਾ ਕਿ ਅਬਾਦੀ ਦੇ ਵਿਸਥਾਰ, ਰੁਜ਼ਗਾਰ ਦੀ ਵੱਡੀ ਘਾਟ, ਨਸ਼ਿਆਂ ਦੀਆਂ ਬਹੁਤਾਤ, ਗੈਂਗਸਟਰਵਾਦ, ਮਾਫ਼ੀਆਵਾਦ, ਸ਼ਰੇਆਮ ਲੁੱਟ ਖਸੁੱਟ ਅਤੇ ਹਰ ਕੋਨੇ ਵਿੱਚ ਫੈਲੀ ਅਰਾਜਕਤਾ, ਜਬਰੀ ਵਸੂਲੀ ਅਤੇ ਕਤਲੇਆਮ ਨੇ ਸਾਡੀ ਨੌਜਵਾਨ ਪੀੜ੍ਹੀ ਨੂੰ ਵਿਦੇਸ਼ੀ ਪਰਵਾਜ਼ ਲਈ ਮਜਬੂਰ ਕੀਤਾ ਹੈ ਅਤੇ ਜੇਕਰ ਪੰਜਾਬ ਦੇ ਪਿੰਡਾਂ ਅਤੇ ਕਸਬਿਆਂ ਤੇ ਸਰਸਰੀ ਝਾਤ ਮਾਰੀਏ ਤਾਂ ਹਰ ਘਰ ਦਾ ਕੋਈ ਨਾ ਕੋਈ ਜੀਅ ਵਿਦੇਸ਼ ਗਿਆ ਹੋਇਆ ਹੈ। ਉਨ੍ਹਾਂ ਦੱਸਿਆ ਕਿ ਗਰੀਬ ਘਰਾਂ ਦੇ ਮੁੰਡੇ ਵਿੱਤੀ ਕੰਮਜ਼ੋਰੀ ਕਾਰਨ



ਆਵਾਜ਼ਿ ਕੌਮ AWAZE QAUM International Newspaper & WEB TV

ਗ਼ਰੀਬ ਮੁਲਕਾਂ ਵੱਲ ਅਤੇ ਅਮੀਰ ਘਰਾਣਿਆਂ ਦੇ ਮੁੰਡੇ ਕੁੜੀਆਂ ਵਿਕਸਤ ਦੇਸ਼ਾਂ ਵੱਲ ਉਡਾਰੀ ਮਾਰ ਰਹੇ ਹਨ। ਇਸ ਵਰਤਾਰੇ ਦਾ ਮੁੱਖ ਕਾਰਨ ਬੇਰੁਜ਼ਗਾਰੀ ਅਤੇ ਨਿਗੂਣਾ ਮਿਹਨਤਾਨਾ ਹੈ। ਸਰਕਾਰਾਂ ਦੀ ਨਿਲਾਇਕੀ ਕਾਰਨ ਸਰਕਾਰੀ ਨੌਕਰੀਆਂ ਦੀ ਪੂਰੀ ਘਾਟ ਹੈ, ਪ੍ਰਾਈਵੇਟ ਖੇਤਰ ਵਿਚ ਮਾਮੂਲੀ ਉਜਰਤ ਹੈ ਅਤੇ ਔਰਤਾਂ ਦਾ ਖਾਸ ਕਰਕੇ ਸ਼ੋਸ਼ਣ ਵੀ ਹੁੰਦਾ ਹੈ, ਜਦੋਂ ਕਿ ਵਿਦੇਸ਼ਾਂ ਵਿਚ ਮਹਿਨਤਾਨਾ ਵੀ ਚੰਗਾ ਮਿਲਦਾ ਹੈ ਤੇ ਮਨੁੱਖੀ ਸਤਿਕਾਰ ਦੀ ਮਿਲਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦਾ ਮਾੜਾ ਨਿਜ਼ਾਮ ਹੋਣ ਕਾਰਨ ਬੱਚੇ ਵਿਦੇਸ਼ਾਂ ਵਿਚ ਵੱਸਣ ਨੂੰ ਤਰਜੀਹ ਦੇ ਰਹੇ ਹਨ। ਪੰਜਾਬ ਪ੍ਰਧਾਨ ਇੰਜ ਭਿੰਡਰ ਨੇ ਅੱਗੇ ਦੱਸਿਆ ਕਿ ਥਾਂ—ਥਾਂ ਤੇ ਗੁੰਡਾਗਰਦੀ ਅਤੇ ਨਸ਼ਿਆਂ ਦੀ ਪ੍ਰਮੁੱਖਤਾ ਨੇ ਨੌਜਵਾਨਾਂ ਨੂੰ ਪਰਾਏ ਦੇਸ਼ ਵੱਸਣ ਅਤੇ ਉਨ੍ਹਾਂ ਦੇ ਮਾਪਿਆਂ ਦੀ ਘਬਰਾਹਟ ਵੀ ਉਨ੍ਹਾਂ ਦੀ ਪਰਵਾਜ਼ ਦਾ ਇੱਕ ਵੱਡਾ ਕਾਰਨ ਹੈ। ਉਨ੍ਹਾਂ ਕਿਹਾ ਪੰਜਾਬ ਦੇ ਖੌਫਨਾਕ ਮਾਹੌਲ ਅਤੇ ਅਪਰਾਧਾਂ ਵਿਚ ਬੇਤਹਾਸ਼ਾ ਵਾਧੇ ਨੇ ਅਤੇ ਕਿਸੇ ਵੀ ਪਾਰਟੀ ਦੀ ਸਰਕਾਰ ਦਾ ਇੰਨਾਂ ਜੁਰਮਾਂ ਤੇ ਕੋਈ ਵੀ ਕੰਟਰੋਲ ਨਾ ਹੋਣ ਕਾਰਨ ਬੱਚੇ ਬਗਾਨੇ ਮੁਲਕਾਂ ਨੂੰ ਪਰਵਾਸ ਕਰ ਰਹੇ ਹਨ, ਇਸ ਪਰਵਾਸ ਨੂੰ ਬੁੜਾਵਾ ਅਤੇ ਹੱਲਾਸ਼ੇਰੀ ਦੇਣ ਲਈ ਸਿੱਧੇ ਤੌਰ ਤੇ ਪੰਜਾਬ ਸਰਕਾਰਾਂ ਹੀ ਜ਼ਿੰਮੇਵਾਰ ਹਨ। ਉਨਾਂ ਕਿਹਾ ਕਿ 2027 ਵਿਚ ਅਧਿਕਾਰ ਸੰਘਰਸ਼ ਪਾਰਟੀ ਦੀ ਸਰਕਾਰ ਬਣਨ ਤੇ ਨਸ਼ਾ ਤਸਕਰਾਂ ਅਤੇ ਗੈਂਗਸਟਰਵਾਦ ਨੂੰ ਸੰਪੂਰਨ ਠੱਲ ਪਾਈ ਜਾਵੇਗੀ ਅਤੇ ਨੌਜਵਾਨਾਂ ਲਈ ਢੁਕਵੇਂ ਰੋਜ਼ਗਾਰਾਂ ਦਾ ਪ੍ਰਬੰਧ ਕੀਤਾ ਜਾਵੇਗਾ ਅਤੇ ਹਿਜਰਤ ਦੇ ਨਾਂ ਵਿਦੇਸ਼ਾਂ ਨੂੰ ਨਿਵੇਸ਼ ਹੋ ਰਿਹਾ ਪੈਸਾ ਪੰਜਾਬ ਦੇ ਲੋਕਾਂ ਦੇ ਕਲਿਆਣ ਅਤੇ ਸਾਰਥਕ ਵਿਕਾਸ ਲਈ ਵਰਤਿਆ ਜਾਵੇਗਾ।

# ਸੀਨੀਅਰ ਐਡਵੋਕੇਟ ਜਸਦੀਪ ਸਿੰਘ ਕੰਬੋਜ ਗੱਜਣ ਛੇਵੀਂ ਵਾਰ ਬਣੇ ਜ਼ਿਲ੍ਹਾ ਬਾਰ ਐਸੋਸੀਏਸ਼ਨ ਫਿਰੋਜ਼ਪੁਰ ਦੇ ਪ੍ਰਧਾਨ

ਫ਼ਿਰੋਜ਼ਪੁਰ, 04 ਸਤੰਬਰ (ਮਨੋਹਰ ਲਾਲ) :— ਜ਼ਿਲ੍ਹਾ ਬਾਰ ਐਸੋਸੀਏਸ਼ਨ ਫਿਰੋਜ਼ਪੁਰ ਦੀਆਂ ਚੋਣਾਂ ਵਿੱਚ ਵੱਡੀ ਖ਼ਬਰ ਸਾਹਮਣੇ ਆਈ, ਜਿੱਥੇ ਐਡਵੋਕੇਟ ਜਸਦੀਪ ਸਿੰਘ ਗੱਜਣ ਬਿਨਾਂ ਮੁਕਾਬਲਾ ਜੇਤੂ ਰਹੇ ਹਨ। ਇਸ ਸ਼ਾਨਦਾਰ ਜਿੱਤ ਨਾਲ ਉਹ ਛੇਵੀਂ ਵਾਰ ਜ਼ਿਲ੍ਹਾ ਬਾਰ ਐਸੋਸੀਏਸ਼ਨ ਫਿਰੋਜ਼ਪੁਰ ਦੇ ਪ੍ਰਧਾਨ ਚੁਣੇ ਗਏ ਹਨ।ਜ਼ਿਕਰਯੋਗ ਹੈ ਕਿ ਜਸਦੀਪ ਸਿੰਘ ਗੱਜਣ ਦਾ ਬਾਰ ਐਸੋਸੀਏਸ਼ਨ ਵਿੱਚ ਕਾਫ਼ੀ ਦਬਦਬਾ ਤੇ ਵਕੀਲ ਭਾਈਚਾਰੇ ਵਿੱਚ ਡੂੰਘਾ ਆਧਾਰ ਰਿਹਾ ਹੈ। ਇਸ ਤੋਂ ਪਹਿਲਾਂ ਵੀ ਉਹ 5 ਵਾਰ ਬਾਰ ਦੇ ਪ੍ਰਧਾਨ ਵਜੋਂ ਆਪਣੀਆਂ

ਆਵਾਜ਼ਿ ਕੌਮ AWAZE QAUM International Newspaper & WEB TV



ਸੇਵਾਵਾਂ ਨਿਭਾ ਚੁੱਕੇ ਹਨ। ਉਨ੍ਹਾਂ ਦੇ ਪਿਛਲੇ ਕਾਰਜਕਾਲਾਂ ਦੌਰਾਨ ਉਹ 2 ਵਾਰ ਬਿਨਾਂ ਮੁਕਾਬਲਾ ਪ੍ਰਧਾਨ ਚੁਣੇ ਗਏ ਸਨ, ਜਦੋਂ ਕਿ 3 ਵਾਰ ਉਨ੍ਹਾਂ ਨੇ ਚੋਣਾਂ ਜਿੱਤ ਕੇ ਇਹ ਅਹੁਦਾ ਹਾਸਲ ਕੀਤਾ ਸੀ। ਹੁਣ ਇੱਕ ਵਾਰ ਫਿਰ ਬਿਨਾਂ ਮੁਕਾਬਲਾ ਚੁਣੇ ਜਾਣ ਨਾਲ ਉਨ੍ਹਾਂ ਦੀ ਲੋਕਪ੍ਰਿਅਤਾ ਅਤੇ ਵਕੀਲਾਂ ਵਿੱਚ ਉਨ੍ਹਾਂ ਪ੍ਰਤੀ ਭਰੋਸਾ ਸਪੱਸ਼ਟ ਤੌਰ ਤੇ ਦਿਖਾਈ ਦਿੰਦਾ ਹੈ। ਇਸ ਜਿੱਤ ਤੋਂ ਬਾਅਦ ਫਿਰੋਜ਼ਪੁਰ ਬਾਰ ਐਸੋਸੀਏਸ਼ਨ ਦੇ ਵਕੀਲਾਂ ਅਤੇ ਉਨ੍ਹਾਂ ਦੇ ਸਮਰਥਕਾਂ ਵਿੱਚ ਖ਼ੁਸ਼ੀ ਦੀ ਲਹਿਰ ਦੌੜ ਗਈ ਹੈ, ਵਕੀਲ ਭਾਈਚਾਰੇ ਨੇ ਉਨ੍ਹਾਂ ਨੂੰ ਛੇਵੀਂ ਵਾਰ ਪ੍ਰਧਾਨ ਬਣਨ ਤੇ ਮੁਬਾਰਕਬਾਦ ਦਿੱਤੀ ਅਤੇ ਆਸ ਪ੍ਰਗਟਾਈ ਕਿ ਉਹ ਪਹਿਲਾਂ ਵਾਂਗ ਹੀ ਵਕੀਲਾਂ ਦੇ ਹੱਕਾਂ ਅਤੇ ਬਾਰ ਦੀ ਭਲਾਈ ਲਈ ਤਤਪਰ ਰਹਿਣਗੇ। ਇਸ ਮੌਕੇ ਤੇ ਸੀਨੀਅਰ ਐਡਵੋਕੇਟ ਜਸਦੀਪ ਸਿੰਘ ਕੰਬੋਜ ਗੱਜਣ ਨੇ ਵਕੀਲ ਭਾਈਚਾਰੇ ਨੂੰ ਕਿਹਾ ਕਿ ਜੋ ਤੁਸੀਂ ਮੈਨੂੰ ਇਹ ਸੇਵਾ ਸੋਪੀ ਹੈ ਮੈਂ ਆਪ ਜੀ ਦਾ ਰਿਣੀ ਰਹਾਂਗਾ ਮੈਂ ਹਰ ਵੇਲੇ ਆਪ ਜੀ ਦੇ ਨਾਲ ਮੋਢੇ ਨਾਲ ਮੋਢਾ ਲਾ ਕੇ ਖੜਾਂਗਾ ਅਤੇ ਹਰ ਤੁਹਾਡੇ ਦੁੱਖ ਸੁੱਖ ਵਿੱਚ ਤੁਹਾਡਾ ਸਾਥ ਦੇਵਾਂਗਾ।

# ਗੁਰਚਰਨ ਸਿੰਘ ਨਾਹਰ ਸਾਬਕਾ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ ਤੇ ਪ੍ਰਦੇਸ਼ ਕਾਂਗਰਸ ਕਮੇਟੀ ਦੇ ਵਾਈਸ ਚੇਅਰਮੈਨ ਦਿੱਤੀਆਂ ਜਨਮ ਅਸ਼ਟਮੀ ਦੀਆਂ ਵਧਾਈਆਂ

ਫ਼ਿਰੋਜ਼ਪੁਰ, 04 ਸਤੰਬਰ (ਮਨੋਹਰ ਲਾਲ) :— ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦੇ ਸ਼ੁਭ ਅਵਸਰ ਤੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਵਾਈਸ ਚੇਅਰਮੈਨ ਗੁਰਚਰਨ ਸਿੰਘ ਨਾਹਰ ਨੇ ਦੇਸ਼—ਵਿਦੇਸ਼ ਵਿੱਚ ਵੱਸਦੇ ਭਾਈਚਾਰੇ ਨੂੰ ਲੱਖ—ਲੱਖ ਵਧਾਈਆਂ ਦਿੱਤੀਆਂ ਹਨ ਆਪਣੇ ਵਧਾਈ ਸੰਦੇਸ਼ ਵਿੱਚ ਗੁਰਚਰਨ ਸਿੰਘ ਨਾਹਰ ਨੇ ਕਿਹਾ ਕਿ ਜਨਮ ਅਸ਼ਟਮੀ ਦਾ ਤਿਉਹਾਰ ਸਾਡੇ ਸਮਾਜ ਵਿੱਚ ਆਪਸੀ ਪ੍ਰੇਮ, ਭਾਈਚਾਰਕ ਸਾਂਝ, ਏਕਤਾ ਅਤੇ ਧਾਰਮਿਕ ਸ਼ਰਧਾ ਦਾ ਪ੍ਰਤੀਕ ਹੈ। ਭਗਵਾਨ ਸ਼੍ਰੀ ਕ੍ਰਿਸ਼ਨ ਜੀ ਦੇ ਉਪਦੇਸ਼ ਸਾਨੂੰ ਸੱਚ, ਧਰਮ ਅਤੇ ਮਾਨਵਤਾ ਦੇ

ਆਵਾਜ਼ਿ ਕੌਮ AWAZE QAUM International Newspaper & WEB TV



ਮਾਰਗ ਤੇ ਚੱਲਣ ਦੀ ਪ੍ਰੇਰਨਾ ਦਿੰਦੇ ਹਨ। ਉਨ੍ਹਾਂ ਕਿਹਾ ਕਿ ਇਹ ਪਵਿੱਤਰ ਦਿਹਾੜਾ ਸਾਨੂੰ ਆਪਸੀ ਛੋਟੇ—ਮੋਟੇ ਮਤਭੇਦ ਭੁਲਾ ਕੇ ਸਮਾਜ ਵਿੱਚ ਸ਼ਾਂਤੀ ਤੇ ਖੁਸ਼ਹਾਲੀ ਲਈ ਮਿਲ ਕੇ ਕੰਮ ਕਰਨ ਦਾ ਸੁਨੇਹਾ ਦਿੰਦਾ ਹੈ। ਉਨ੍ਹਾਂ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਇਹ ਤਿਉਹਾਰ ਸਭ ਦੇ ਜੀਵਨ ਵਿੱਚ ਅਥਾਹ ਖੁਸ਼ੀਆਂ, ਤੰਦਰੁਸਤੀ ਅਤੇ ਖੁਸ਼ਹਾਲੀ ਲੈ ਕੇ ਆਵੇ। ਇਸ ਮੌਕੇ ਇਲਾਕੇ ਦੇ ਸਮਰਥਕਾਂ ਅਤੇ ਵੱਖ—ਵੱਖ ਪਤਵੰਤੇ ਸੱਜਣਾਂ ਨੇ ਵੀ ਸ੍ਰੀ ਨਾਹਰ ਦੇ ਇਸ ਸੰਦੇਸ਼ ਦੀ ਸ਼ਲਾਘਾ ਕੀਤੀ ਅਤੇ ਇੱਕ—ਦੂਜੇ ਨੂੰ ਪਵਿੱਤਰ ਤਿਉਹਾਰ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ।

**ਸ੍ਰੀ ਨਾਭ ਕੰਵਲ ਰਾਜਾ ਸਾਹਿਬ ਜੀ ਮਜਾਰੇ ਵਾਲਿਆਂ ਦੀ ਬਰਸੀ 2026**

# ਅਣਗਿਣਤ ਸੰਗਤਾਂ ਨੇ ਦੇਸ਼ ਵਿਦੇਸ਼ ਵੱਖ ਵੱਖ ਸ਼ਹਿਰਾਂ ਤੋਂ ਆ ਕੇ ਗੁਰੂ ਜੀ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ










ਆਵਾਜ਼ਿ ਕੌਮ AWAZE QAUM
International Newspaper & WEB TV





**ਰਿਪੋਰਟ: ਤਰਲੋਚਨ ਸਿੰਘ ਵਿਰਕ**
**ਪੰਜਾਬੀ ਲਿਸਨਰਜ ਕਲੱਬ**

ਸ੍ਰੀ ਨਾਭ ਕੰਵਲ ਰਾਜਾ ਸਾਹਿਬ ਜੀ ਮਜਾਰੇ ਵਾਲਿਆਂ ਦੀ 2026 ਬਰਸੀ ਮੌਕੇ ਗੁਰਦਵਾਰਾ ਸ੍ਰੀ ਗੁਰੁ ਅਮਰ ਦਾਸ ਜੀ ਕਲੈਰੰਨਡਨ ਪਾਰਕ ਰੋਡ ਲੈਸਟਰ ਵਿਖੇ ਸ਼ੁਕਰਵਾਰ 28 ਅਗਸਤ ਨੂੰ ਸਵੇਰੇ 11 ਵਜੇ ਸ੍ਰੀ ਅਖੰਡ ਪਾਠ ਸਾਹਿਬ ਅਰੰਭ ਹੋਏ ਜਿਨ੍ਹਾ ਦੇ ਭੋਗ ਐਤਵਾਰ 30 ਅਗਸਤ ਨੂੰ ਸਵੇਰੇ 10 ਵਜੇ ਪਾਏ ਗਏ। ਸੱਭ ਦੇ ਭਲੇ ਦੀ ਅਰਦਾਸ ਉਪਰੰਤ ਸ੍ਰੀ ਗੁਰੂ ਗ੍ਰੰਥ ਜੀ ਦੇ ਪਾਵਨ ਹੁਕਮਨਾਵੇ ਸਰਵਣ ਕਰਵਾਏ ਗਏ।

ਲੈਸਟਰ ਨਿਵਾਸੀ ਸੰਗਤ ਵਲੋਂ ਕਰਵਾਏ ਗਏ ਮਹਾਨ ਅਤੇ ਪਵਿੱਤਰ ਆਤਮਾ ਸ੍ਰੀ ਨਾਭ ਕੰਵਲ ਰਾਜਾ ਸਾਹਿਬ ਜੀ ਦੀ ਬਰਸੀ ਦੀ ਖੁਸ਼ੀ ਵਿੱਚ ਬਰਤਾਨੀਆਂ ਦੇ ਵੱਖ ਵੱਖ ਸ਼ਹਿਰਾਂ ਤੋਂ ਆ ਕੇ ਰੌਣਕਾਂ ਵਧਾਈਆਂ ਅਤੇ ਆਪਣਾ ਯੋਗਦਾਨ ਪਾਇਆ। ਤਿਨੇ ਦਿੰਨ ਗੁਰਬਾਨੀ ਦੇ ਅਣਗਿਨਤ ਪ੍ਰੇਮੀਆ ਨੇ ਬਹੁੱਤ ਹੀ ਸ਼ਰਧਾ ਭਾਵਨਾ ਨਾਲ ਸੇਵਾ ਕਰਕੇ ਗੁਰੂ ਜੀ ਦੀਆਂ ਬੇਅੰਤ ਖੁਸ਼ੀਆ ਪਰਾਪਤ ਕੀਤੀਆਂ। ਗੁਰਦਵਾਰਾ ਸਾਹਿਬ ਵਲੋਂ ਨਾਭ ਕੰਵਲ ਰਾਜਾ ਸਾਹਿਬ ਜੀ ਦੇ ਕਈ ਦਹਾਕਿਆਂ ਤੋਂ ਅਣਥੱਕ ਸੇਵਾਦਾਰ ਬਾਈ ਮੋਹਿੰਦਰ ਸਿੰਘ ਜੀ ਨੂੰ ਸਰੋਪੇ ਦੀ ਬਕਸ਼ਿਸ਼ ਮੁੱਖ ਗਰੰਥੀ ਸਿੰਘ ਜ ਾਨੇ ਕਤਿ।

ਗੁਰਦਵਾਰਾ ਸਾਹਿਬ ਜੀ ਦੇ ਹਜੂਰੀ ਜੱਥੇ ਨੇ ਸਾਧ ਸੰਗਤ ਜੀ ਨੂੰ ਨਿਰੋਲ ਗੁਰਬਾਨੀ ਕੀਰਤਨ ਨਾਲ ਨਿਹਾਲ ਕੀਤਾ। ਫਿਰ ਰਾਗੀ ਹਰਜਿੰਦਰ ਸਿੰਘ ਦੇ ਜੱਥੇ ਲੈਸਟਰ ਵਾਲੇ ਅਮਰਜੀਤ ਸਿੰਘ ਬਲਵੰਤ ਸਿੰਘ ਜੀ ਜੱਥਾਇਕਬਾਲ ਸਿੰਘ ਭਾਈ ਜਗਤੇਸ਼ਵਰ ਸਿੰਘ ਕੀਰਤਨ ਰਾਹੀਹਾਜਰੀ ਲਾਈ। ਉਪਰੰਤ ਪ੍ਰਸਿੱਧ ਢਾਡੀ ਜੱਥਾ ਗੁਰਜੀਤ ਸਿੰਘ ਗੌਰੀ ਭਾਈ ਅਵਤਾਰ ਸਿੰਘ ਲੈਸਟਰ ਅਤੇ ਤਾਰਾ ਸਿੰਘ ਬਰੈਡਫੋਰਟ ਵਾਰਾਂ ਗਾਈਆਂ ਅਤੇ ਗੁਰ ਜੀ ਦੀ ਸੰਗਤ ਨੂੰ ਸਿੱਖ ਇਤਿਹਾਸ ਬਾਰੇ ਜਾਣਕਾਰੀ ਦਿੱਤੀ।

ਭਾਈ ਅਵਤਾਰ ਸਿੰਘ ਰਾਣੂ ਢਾਡੀ
ਜਿਨਾ ਸਾਸਿ ਗਿਰਾਸਿ ਨ ਵਿਸਰੈਹਰਿ ਨਾਮਾ ਮਨਿ ਮੰਤੁ ।
ਧੰਨ ਸਿ ਸੇਈ ਨਾਨਕਾ ਪੂਰਨ ਸੋਈ ਸੰਤ ।
ਕਿਓਂ ਸਵਣਾ ਕਿਆ ਜਾਗਣਾ ਗੁਰਮਖਿ ਤੇ ਪਰਵਾਣ।
ਜਿਨਾ ਸਾਸਿ ਗਿਰਾਸਿ ਨਾ ਵਿਸਰੈ ਸੇ ਪੂਰੇ ਪੁਰਖ ਪਰਧਾਨੁ।

ਮਹਾਂ ਤਪੱਸਵੀ ਬ੍ਰਹਮ ਗਿਆਨੀ ਬਲੀਸ਼ਾਹ ਫਕੀਰ ਅਤੇ ਪੂਰਨ ਸੰਤ ਸ੍ਰੀ ਨਾਭ ਕੰਵਲ ਰਾਜਾ ਸਾਹਿਬ ਜੀ ਜਿਹਨਾ ਦਾ ਜਨਮ ਪਿਤਾ ਮੰਗਲ ਦਾਸ ਮਾਤਾ ਸਾਹਿਬ ਦੇਵੀ ਦੇ ਗਰਹਿ ਵਿਖੇ ਪਿਮਡ ਮਮਨਣਹਾਣਾ ਜਿਲਾ ਹੁਸ਼ਿਆਰ ਪੁਰ ਅਤੇ ਪਿੰਡ ਬਾਲੋਵਾਲ ਵਿਖੇ ਇਹਨੀ 1862 ਈ ਸੱਤ ਫੱਗਣ ਦਿੱਨ ਐਤਵਾਰ ਅਮਿਰਤ ਵੇਲੇ ਨਾਨਕੇ ਪਿੰਡ ਵਿੱਚ ਹੋਇਆ। ਬੱਚਪਨ ਵਿੱਚ ਇਹਨਾ ਦਾ ਨਾਮ ਭਗਵਾਨ ਦਾਸ ਰੱਖਿਆ ਗਿਆ। ਇਹ ਛੋਟੀ ਵਿੱਚ ਹੀ ਸਾਧੂ ਸੁਬਾਓ ਵਾਲੇ ਬਾਲਕ ਸਨ।ਇਹਨਾ ਨੇ ਆਪਣੇ ਜੀਵਨ ਕਾਲ ਵਿੱਚ ਪ੍ਰਭੂ ਪਰਮਾਤਮਾ ਦੀ ਬੰਦਗੀ ਕਰਕੇ ਲੱਖਾਂ ਪ੍ਰਾਣੀਆਨੂੰ ਤਾਰਿਆ ਅਤੇ ਨਾਮ ਜਪਣ ਲਈ ਪ੍ਰੇਰਿਆ ਲੱਖਾਂ ਕਾਸ਼ਟ ਸਹਿ ਕੇ ਮੋਹ ਮਾਇਆ ਨੂੰ ਤਿਆਗ ਕੇ ਲੱਖਾਂ ਜੀਵਾਂ ਦਾ ਉਧਾਰ ਕੀਤਾ।

ਜਿਸ ਤਰਾਂ ਕੰਵਲ ਫੱਲ ਚਿਕੜ ਵਿੱਚ ਨਿਰਮੋਲ ਰਹਿੰਦਾ ਹੈ। ਇਸੀ ਤਰਾਂ ਇਹ ਵੀ ਨਿਰਮੋਲ ਹੋ ਕੇ ਸੰਸਾਰ ਵਿੱਚ ਆਪਣਾਜੀਵਨ ਵਸਰ ਕੀਤਾ। ਇਸ ਕਰਕੇ ਇਹਨਾ ਦਾ ਨਾਮ ਨਾਭ ਕਮਵਲ ਰਾਜਾ ਸਾਹਿਬ ਕਿਹਾ ਗਿਆ। ਸਾਡੀ ਦੁਨੀਆ ਤ ਰਾਜ ਕਰਨ ਵਾਲੇ ਮਾਹਾਰਾਜਾ ਸਾਹਿਬ ਸੀ। ਪਰਉਪਕਾਰੀ ਸੰਤ ਮਹਾਪੁਰਖ ਨੇ ਚਰਨੀ ਆਇਆਂ ਦੇ ਕਈਆ ਦੇ ਦੁੱਖ ਨਿਵਾਰਨ ਕੀਤੇ। ਦੁਨੀਆ ਨੂੰ ਤਾਰਦੇ ਹੋਏ 14 ਭਾਦਰੌਂ ਦਿੰਨ ਵੀਰਵਾਰ ਨੂੰ 1862 ਸੰਮਤ ਅੰਮ੍ਰਿਤ ਵੇਲੇ ਬ੍ਰਹਮ ਬੀਨ ਹੋ ਗਏ।ਲਾਗਦੇ ਕਈ ਪਿੰਡਾਂ ਵਿੱਚ ਇਹਨਾ ਦੀ ਯਾਦ ਵਿਚ ਗੁਰਦਵਾਰਾ ਸਾਹਿਬ ਬਣੇ ਹੋਏ ਹਨ

ਬ੍ਰਹਮ ਗਿਆਨੀ ਸਭ ਸ੍ਰਿਸਟਿ ਕਾ ਕਰਤਾ।
ਬ੍ਰਹਮ ਗਿਆਨੀ ਸਦ ਜੀਵੈ ਨਹੀਂ ਮਰਤਾ
ਸ੍ਰੀ ਗੁਰੁ ਗ੍ਰੰਥ ਸਾਹਿਬ ਜੀ

ਸਟੇਜ ਦੀ ਸੇਵਾ ਹਮੇਸ਼ਾਂ ਦੀ ਤਰਾਂ ਸੁਖਦੇਵ ਸਿੰਘ ਸੰਘਾ ਜਨਰਲ ਸਕੱਤਰ ਜੀ ਨੇ ਬਾਖੂਬੀ ਨਾਲ ਨਿਭਾਈ ਅਤੇ ਸਮੂਹ ਸੰਗਤਾਂ ਦਾ ਧੰਨਵਾਦ ਕਥਾ ਉਨਾ ਨੇ ਅਗਲ੍ਹੇ ਹਫਤੇ ਪਿੰਡ ਰੂਪੋਵਾਲ ਦੀਆਂ ਸੰਗਥਾ ਵਲੌਂ ਸ੍ਰੀ ਅਖੰਡ ਪਾਠ ਸਾਹਿਬ ਜੀ ਬਾਰੇ ਦੱਸਿਆ ਅਤੇ ਕਿਹਾ ਕਿ 20 ਸਤੰਬਰ ਨੂੰ ਸਿੱਖ ਹਿਲਪ ਲਾਈਨ ਲਈ ਇੱਕ ਬਾਈਕ ਰਾਈਡ ਦਾ ਪ੍ਰਬੰਧ ਹੋ ਰਿਹਾ ਹੈ ਜੋ ਲੈਸਟਰ ਸ਼ਹਿਰ ਦੇ ਸਾਰੇ ਹੀ ਗੁਰਦਵਾਰਾ ਸਾਹਿਬ ਜਾਵਣਗੇ।

ਸ੍ਰੀ ਨਾਭ ਕੰਵਲ ਰਾਜਾ ਸਾਹਿਬ ਜੀ ਦੀ ਬਰਸੀ 2026 ਦੇ ਪ੍ਰਬੰਧਕਾ ਸੁਰਿੰਦਰ ਸਿੰਘ ਗਿੱਲ, ਮੋਹਿੰਦਰ ਸਿੰਘ ਗਿੱਲ, ਕੁਲਵੀਰ ਸਿੰਘ ਸੰਗਰਾ ਜੀ ਵਲੋਂ ਗੁਰਦਵਾਰਾ ਸਾਹਿਬ ਜੀ ਦੇ ਮੁੱਖ ਸੇਵਾਦਾਰ ਸਰਦਾਰ ਬੰਸ ਜੀ ਅਤੇ ਸਮੂਹ ਪ੍ਰਬੰਧਕ ਕਮੇਟੀ, ਸੱਭ ਜੱਥਿਆਂ ਦਾ, ਸਾਰੇ ਹੀ ਸੇਵਾਦਾ੍ਰਾਂ ਦਾ ਅਤੇ ਲੈਸਟਰਸ਼ਾਇਰ ਦੀਆ ਸੰਗਤਾਂ ਦਾ ਆਪਣਾ ਯੋਗਦਾਨ ਪਾਉਣ ਲਈ ਧੰਨਵਾਦ ਕੀਤਾ।

**ਅਗਾਂਹ ਲਈ ਸੁਝਾਅ**-ਇਸ ਸਲਾਨਾ ਮਹਾਨ ਸਮਾਗਮ ਸਮੇ ਕੋਸ਼ਿਸ਼ ਕਰਨੀ ਚਾਹੀਦੀ ਹੈ ਕਿ ਇੱਕ ਸਿਹਤ ਸਬੰਧੀ ਕੈਂਪ, ਰਾਜਾ ਸਾਹਿਬ ਜੀ ਦੇ ਜੀਵਨ ਅਤੇ ਸਿਖਿਆਵਾ ਬਾਰੇ ਪ੍ਰਦਸ਼ਨੀ ਦਾ ਪ੍ਰਬੰਧ, ਕਵੀ ਦਰਬਾਰ ਨਾਭ ਕੰਵਲ ਰਾਜਾ ਸਾਹਿਬ, ਬੱਚਿਆਂ ਲਈ ਪੰਜਾਬੀ ਲਿਖਣ ਅਤੇ ਰੰਗ ਭਰਨ ਦੇ ਮੁਕਾਬਲੇ ਕਰਵਾਉਣੇ ਬਹੁਤ ਹੀ ਲਾਭਦਾਇੱਕ ਹੋਵਣਗੇ।

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ, ਮਹਿਸਮਪੁਰ ਵਿਖੇ

# 38ਵੀਂ ਵਰ੍ਹੇਗੰਢ ਮਨਾਈ ਗਈ





**ਚੌਕ ਮਹਿਤਾ, 4 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ, ਮੁਖੀ ਦਮਦਮੀ ਟਕਸਾਲ ਦੀ ਸਰਪ੍ਰਸਤੀ ਹੇਠ ਚੱਲ ਰਹੇ ਵਿਦਿਅਕ ਅਦਾਰਿਆਂ ਵਿੱਚੋਂ ਨਵੇਂ ਵਿਦਿਅਕ ਅਦਾਰੇ ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ, ਮਹਿਸਮਪੁਰ ਵਿਖੇ ਸਕੂਲ ਦੀ 38ਵੀਂ ਵਰ੍ਹੇਗੰਢ ਬੜੇ ਉਤਸ਼ਾਹ ਅਤੇ ਸ਼ਰਧਾ ਨਾਲ ਮਨਾਈ ਗਈ।

ਇਸ ਮੌਕੇ ਸਕੂਲ ਵੱਲੋਂ ਵਿਸ਼ੇਸ਼ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਵੱਖ-ਵੱਖ ਸੱਭਿਆਚਾਰਕ ਅਤੇ ਵਿਦਿਅਕ ਗਤੀਵਿਧੀਆਂ ਵਿੱਚ ਭਾਗ ਲਿਆ। ਵਿਦਿਆਰਥੀਆਂ ਵੱਲੋਂ ਸਕੂਲ ਦੇ ਇਤਿਹਾਸ, ਪ੍ਰਾਪਤੀਆਂ ਅਤੇ ਸਿੱਖਿਆ ਦੇ ਖੇਤਰ ਵਿੱਚ ਪਾਏ ਜਾ ਰਹੇ ਯੋਗਦਾਨ ਨੂੰ ਦਰਸਾਉਂਦੀਆਂ ਪੇਸ਼ਕਾਰੀਆਂ ਕੀਤੀਆਂ ਗਈਆਂ।ਸਮਾਗਮ ਦੌਰਾਨ ਸਕੂਲ ਦੀਆਂ ਪਿਛਲੇ 38 ਸਾਲਾਂ ਦੀਆਂ ਪ੍ਰਾਪਤੀਆਂ ਅਤੇ ਭਵਿੱਖੀ ਟੀਚਿਆਂ ਬਾਰੇ ਵੀ ਚਾਨਣਾ ਪਾਇਆ ਗਿਆ।

ਇਸ ਮੌਕੇ ਸਕੂਲ ਦੀ ਚੜ੍ਹਦੀ ਕਲਾ, ਵਿਦਿਆਰਥੀਆਂ ਦੀ ਸਫ਼ਲਤਾ ਅਤੇ ਸਮੂਹ ਸਟਾਫ਼ ਦੀ ਤਰੱਕੀ ਲਈ ਅਰਦਾਸ ਕੀਤੀ ਗਈ। ਅਧਿਆਪਕਾਂ ਵੱਲੋਂ ਵਿਦਿਆਰਥੀਆਂ ਨੂੰ ਸਕੂਲ ਦੀ ਸ਼ਾਨਦਾਰ ਵਿਰਾਸਤ ਤੋਂ ਜਾਣੂ ਕਰਵਾਉਂਦਿਆਂ ਇਮਾਨਦਾਰੀ, ਮਿਹਨਤ ਅਤੇ ਅਨੁਸ਼ਾਸਨ ਨਾਲ ਸਿੱਖਿਆ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ ਗਿਆ।

ਸਕੂਲ ਪ੍ਰਿੰਸੀਪਲ ਨੇ ਕਿਹਾ ਕਿ 38 ਸਾਲਾਂ ਦਾ ਇਹ ਸਫ਼ਰ ਸਕੂਲ ਪ੍ਰਬੰਧਕਾਂ, ਅਧਿਆਪਕਾਂ, ਵਿਦਿਆਰਥੀਆਂ ਅਤੇ ਮਾਪਿਆਂ ਦੀ ਲਗਨ ਤੇ ਸਹਿਯੋਗ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਸਕੂਲ ਦਾ ਉਦੇਸ਼ ਸਿਰਫ਼ ਵਿਦਿਆਰਥੀਆਂ ਨੂੰ ਵਿੱਦਿਅਕ ਗਿਆਨ ਦੇਣਾ ਹੀ ਨਹੀਂ, ਸਗੋਂ ਉਨ੍ਹਾਂ ਨੂੰ ਚੰਗੇ ਇਨਸਾਨ, ਜ਼ਿੰਮੇਵਾਰ ਨਾਗਰਿਕ ਅਤੇ ਆਪਣੇ ਧਰਮ ਤੇ ਵਿਰਸੇ ਨਾਲ ਜੁੜੇ ਹੋਏ ਵਿਅਕਤੀ ਬਣਾਉਣਾ ਵੀ ਹੈ। ਉਨ੍ਹਾਂ ਸਕੂਲ ਦੀਆਂ ਭਵਿੱਖੀ ਯੋਜਨਾਵਾਂ ਅਤੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਹੋਰ ਵੀ ਉਪਰਾਲੇ ਕਰਨ ਦਾ ਵਿਸ਼ਵਾਸ ਪ੍ਰਗਟ ਕੀਤਾ।

ਇਸ ਮੌਕੇ ਹੋਰ ਹਾਜ਼ਰ ਸ਼ਖਸੀਅਤਾਂ ਵਿੱਚ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਹਰਜੋਤ ਸਿੰਘ, ਪ੍ਰਿੰਸੀਪਲ ਗੁਰਦੀਪ ਸਿੰਘ, ਮਨਦੀਪ ਕੌਰ ਮੈਡਮ, ਮੈਡਮ ਸੁਖਵੰਤ ਕੌਰ, ਮੈਡਮ ਕਿਰਨਪ੍ਰੀਤ ਕੌਰ, ਸਮੇਤ ਸਮੂਹ ਸਕੂਲ ਸਟਾਫ ਮੌਜੂਦ ਸੀ।

### ਐਮ.ਆਰ.ਐਸ.ਪੀ.ਟੀ.ਯੂ. ਦੀ ਕੇਂਦਰੀ ਲਾਇਬ੍ਰੇਰੀ ਵੱਲੋਂ

# ਪੁਸਤਕ ਪ੍ਰਦਰਸ਼ਨੀ ਦਾ ਆਯੋਜਨ





**ਬਠਿੰਡਾ, 04 ਸਤੰਬਰ (ਗੁਰਜੰਟ ਸਿੰਘ ਨਥੇਹਾ)**-ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ ਬਠਿੰਡਾ ਦੀ ਕੇਂਦਰੀ ਲਾਇਬ੍ਰੇਰੀ ਵੱਲੋਂ ਵਿਦਿਆਰਥੀਆਂ ਅਤੇ ਅਧਿਆਪਕਾਂ ਵਿੱਚ ਪੜ੍ਹਨ ਦੀ ਰੁਚੀ ਨੂੰ ਉਤਸ਼ਾਹਿਤ ਕਰਨ ਅਤੇ ਪੁਸਤਕਾਂ ਨਾਲ ਉਨ੍ਹਾਂ ਦੀ ਸਾਂਝ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਅੱਜ ਇਥੇ ਰੀਡਿੰਗ ਹਾਲ, ਗਰਾਊਂਡ ਫਲੋਰ ਵਿਖੇ ਪੁਸਤਕ ਪ੍ਰਦਰਸ਼ਨੀ ਦਾ ਆਯੋਜਨ ਕੀਤਾ ਗਿਆ।ਇਸ ਪੁਸਤਕ ਪ੍ਰਦਰਸ਼ਨੀ ਦਾ ਉਦਘਾਟਨ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਸੰਜੀਵ ਕੁਮਾਰ ਸ਼ਰਮਾ ਵੱਲੋਂ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਪੁਸਤਕਾਂ ਦੀ ਮਹੱਤਤਾ ਬਾਰੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਪੁਸਤਕਾਂ ਵਿਦਿਆਰਥੀਆਂ ਦੇ ਗਿਆਨ ਵਿੱਚ ਵਾਧਾ ਕਰਨ ਦੇ ਨਾਲ-ਨਾਲ ਉਨ੍ਹਾਂ ਦੀ ਸੋਚਣ-ਸਮਝਣ ਦੀ ਸਮਰੱਥਾ, ਰਚਨਾਤਮਕਤਾ ਅਤੇ ਵਿਅਕਤੀਤਵ ਦੇ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਨਿਯਮਿਤ ਤੌਰ 'ਤੇ ਪੁਸਤਕਾਂ ਪੜ੍ਹਨ ਲਈ ਪ੍ਰੇਰਿਤ ਕੀਤਾ।ਪ੍ਰਦਰਸ਼ਨੀ ਵਿੱਚ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਸਾਹਿਤ ਨਾਲ ਸਬੰਧਤ ਵੱਖ-ਵੱਖ ਵਿਸ਼ਿਆਂ ਦੀਆਂ ਪੁਸਤਕਾਂ ਪ੍ਰਦਰਸ਼ਿਤ ਕੀਤੀਆਂ ਗਈਆਂ। ਵਿਦਿਆਰਥੀਆਂ ਨੇ ਪ੍ਰਦਰਸ਼ਨੀ ਵਿੱਚ ਬਹੁਤ ਉਤਸ਼ਾਹ ਨਾਲ ਭਾਗ ਲਿਆ ਅਤੇ ਪੁਸਤਕਾਂ ਵਿੱਚ ਵਿਸ਼ੇਸ਼ ਦਿਲਚਸਪੀ ਦਿਖਾਈ। ਇਸੇ ਤਰ੍ਹਾਂ ਯੂਨੀਵਰਸਿਟੀ ਦੇ ਅਧਿਆਪਕਾਂ ਵੱਲੋਂ ਵੀ ਪ੍ਰਦਰਸ਼ਨੀ ਨੂੰ ਭਰਵਾਂ ਹੁੰਗਾਰਾ ਦਿੱਤਾ ਗਿਆ। ਇਸ ਮੌਕੇ ਯੂਨੀਵਰਸਿਟੀ ਲਾਇਬ੍ਰੇਰੀਅਨ ਡਾ. ਇਕਬਾਲ ਸਿੰਘ ਬਰਾੜ ਨੇ ਵਾਈਸ ਚਾਂਸਲਰ, ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ। ਉਨ੍ਹਾਂ ਨੇ ਕਿਹਾ ਕਿ ਅਜਿਹੀਆਂ ਪੁਸਤਕ ਪ੍ਰਦਰਸ਼ਨੀਆਂ ਵਿਦਿਆਰਥੀਆਂ ਵਿੱਚ ਪੜ੍ਹਨ ਦੀ ਆਦਤ ਵਿਕਸਿਤ ਕਰਨ ਅਤੇ ਉਨ੍ਹਾਂ ਨੂੰ ਨਵੀਆਂ ਪੁਸਤਕਾਂ ਅਤੇ ਸਾਹਿਤ ਨਾਲ ਜਾਣੂ ਕਰਵਾਉਣ ਲਈ ਬਹੁਤ ਲਾਹੇਵੰਦ ਹਨ। ਯੂਨੀਵਰਸਿਟੀ ਲਾਇਬ੍ਰੇਰੀ ਦੇ ਅਸਿਸਟੈਂਟ ਲਾਇਬ੍ਰੇਰੀਅਨ ਡਾ.ਮਲਕੀਤ ਸਿੰਘ, ਸ੍ਰੀ ਰਾਜਨ ਬਾਂਸਲ, ਨਵਸਤਿੰਦਰ ਸਿੰਘ, ਰਮਨਦੀਪ ਰਾਣੀ, ਗੁਰਵਿੰਦਰ ਸਿੰਘ, ਗੁਰਮੀਤ ਸਿੰਘ, ਹੀਮਾ ਅਤੇ ਅਮ੍ਰਿੰਤਪਾਲ ਸਿੰਘ ਨੇ ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਵਿੱਚ ਵੱਡਮੁੱਲਾ ਯੋਗਦਾਨ ਪਾਇਆ।

# ਗੁਰਸਿੱਖ ਨੌਜਵਾਨ ਮੋਹਨਜੀਤ ਸਿੰਘ 'ਤੇ ਪੁਲਿਸ ਧੱਕੇਸ਼ਾਹੀ ਅਤੇ ਦਸਤਾਰ ਦੀ ਬੇਅਦਬੀ 'ਤੇ ਭਾਰਤੀ ਕਿਸਾਨ ਯੂਨੀਅਨ ਪੁਆਧ ਦਾ ਤਿੱਖਾ ਹਮਲਾ

**☛ ਪੰਜਾਬ ਸਰਕਾਰ ਦੀ ਚੁੱਪ 'ਤੇ ਰੁਸਤਮ ਮੋਰਿੰਡਾ ਨੇ ਖੜ੍ਹੇ ਕੀਤੇ ਗੰਭੀਰ ਸਵਾਲ: ਕੀ ਵਰਦੀਧਾਰੀਆਂ ਨੂੰ ਖੁੱਲ੍ਹੀ ਛੁੱਟ ਦੇ ਕੇ ਜੰਗਲ ਰਾਜ ਕਾਇਮ ਕੀਤਾ ਜਾ ਰਿਹਾ ਹੈ? ☛ ਦਸਤਾਰ ਅਤੇ ਕੇਸਾਂ ਦੀ ਬੇਅਦਬੀ ਬਰਦਾਸ਼ਤ ਤੋਂ ਬਾਹਰ: ਦੋਸ਼ੀ ਪੁਲਿਸ ਵਾਲਿਆਂ 'ਤੇ ਤੁਰੰਤ ਧਾਰਾ 295-ਏ (ਭਾਰਤੀ ਨਿਆਇ ਸੰਹਿਤਾ ਦੀ ਧਾਰਾ 299) ਅਤੇ ਇਰਾਦਾ-ਏ-ਕਤਲ ਦਾ ਮਾਮਲਾ ਦਰਜ ਕਰਕੇ ਬਰਖਾਸਤ ਕਰੇ ਸਰਕਾਰ - ਰੁਸਤਮ ਮੋਰਿੰਡਾ (ਸੀਨੀਅਰ ਮੀਤ ਪ੍ਰਧਾਨ)**



**ਜੀਰਕਪੁਰ / ਪੰਜਾਬ, 4 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਕਿਸਾਨ ਯੂਨੀਅਨ (ਪੁਆਧ) ਦੇ ਸੀਨੀਅਰ ਮੀਤ ਪ੍ਰਧਾਨ ਅਤੇ ਮੁੱਖ ਬੁਲਾਰੇ ਰੁਸਤਮ ਮੋਰਿੰਡਾ ਨੇ ਪੰਜਾਬ ਪੁਲਿਸ ਵੱਲੋਂ ਇੱਕ ਬੇਗੁਨਾਹ ਗੁਰਸਿੱਖ ਨੌਜਵਾਨ ਮੋਹਨਜੀਤ ਸਿੰਘ 'ਤੇ ਕੀਤੀ ਗੰਭੀਰ ਕੁੱਟਮਾਰ ਅਤੇ ਉਸ ਦੀ ਦਸਤਾਰ ਤੇ ਕੇਸਾਂ ਦੀ ਹੋਈ ਬੇਅਦਬੀ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।ਹਸਪਤਾਲ ਵਿੱਚ ਇਲਾਜ ਅਧੀਨ ਗੁਰਸਿੱਖ ਨੌਜਵਾਨ ਮੋਹਨਜੀਤ ਸਿੰਘ ਦੀ ਹਾਲਤ ਅਤੇ ਸਰੀਰ 'ਤੇ ਪਏ ਡੰਡਿਆਂ ਦੇ ਨਿਸ਼ਾਨਾਂ ਦਾ ਹਵਾਲਾ ਦਿੰਦਿਆਂ ਰੁਸਤਮ ਮੋਰਿੰਡਾ ਨੇ ਪੰਜਾਬ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਨੂੰ ਤਿੱਖੇ ਸ਼ਬਦਾਂ ਵਿੱਚ ਘੇਰਿਆ ਹੈ।

**ਪੁਲਿਸ ਦੀ ਧੱਕੇਸ਼ਾਹੀ ਅਤੇ ਬੇਅਦਬੀ 'ਤੇ ਬੋਲੇ ਰੁਸਤਮ ਮੋਰਿੰਡਾ:** ਰੁਸਤਮ ਮੋਰਿੰਡਾ ਨੇ ਆਖਿਆ, "ਜਿਸ ਤਰ੍ਹਾਂ ਹਸਪਤਾਲ 'ਚ ਦਾਖਲ ਇਸ ਗੁਰਸਿੱਖ ਨੌਜਵਾਨ ਮੋਹਨਜੀਤ ਸਿੰਘ ਨੂੰ ਪੁਲਿਸ ਨੇ ਬਿਨਾਂ ਕਿਸੇ ਪਰਚੇ ਜਾਂ ਅਪਰਾਧਿਕ ਪੱਛੜੋਕੜ ਦੇ ਹਿਰਾਸਤ ਵਿੱਚ ਲੈ ਕੇ ਬੇਰਹਮੀ ਨਾਲ ਕੁੱਟਿਆ ਹੈ, ਉਹ ਪੰਜਾਬ ਪੁਲਿਸ ਦੇ ਚਿਹਰੇ 'ਤੇ ਵੱਡਾ ਦਾਗ ਹੈ। ਪੁਲਿਸ ਵੱਲੋਂ ਨੌਜਵਾਨ ਦੀ ਦਸਤਾਰ ਲਾਹੁਣੀ ਅਤੇ ਕੇਸਾਂ ਦੀ ਬੇਅਦਬੀ ਕਰਨੀ ਕੋਈ ਸਧਾਰਨ ਘਟਨਾ ਨਹੀਂ, ਸਗੋਂ ਇਹ ਸਿੱਖ ਮਰਿਆਦਾ, ਧਾਰਮਿਕ ਅਕੀਦੇ ਅਤੇ ਮਨੁੱਖੀ ਅਧਿਕਾਰਾਂ 'ਤੇ ਸਿੱਧਾ ਹਮਲਾ ਹੈ। ਕੀ ਪੰਜਾਬ ਅੰਦਰ ਸੰਵਿਧਾਨ ਅਤੇ ਕਾਨੂੰਨ ਦਾ ਰਾਜ ਖਤਮ ਹੋ ਚੁੱਕਾ ਹੈ ਜੋ ਪੁਲਿਸ ਮੁਲਾਜ਼ਮ ਆਪ ਹੀ ਅਦਾਲਤ ਬਣ ਕੇ ਨੌਜਵਾਨਾਂ 'ਤੇ ਅਜਿਹਾ ਜ਼ੁਲਮ ਕਰ ਰਹੇ ਹਨ ?÷

**ਪੰਜਾਬ ਸਰਕਾਰ ਦੀ ਚੁੱਪ 'ਤੇ ਲਗਾਏ ਤਿੱਖੇ ਦੋਸ਼:** ਭਾਰਤੀ ਕਿਸਾਨ ਯੂਨੀਅਨ ਪੁਆਧ ਦੇ ਬੁਲਾਰੇ ਨੇ ਸਰਕਾਰ ਨੂੰ ਘੇਰਦਿਆਂ ਕਿਹਾ ਕਿ ਇੱਕ ਪਾਸੇ ਸਰਕਾਰ ਬਦਲਾਅ ਅਤੇ ਕਾਨੂੰਨ ਵਿਵਸਥਾ ਦੇ ਵੱਡੇ-ਵੱਡੇ ਦਾਅਵੇ ਕਰਦੀ ਹੈ, ਪਰ ਦੂਜੇ ਪਾਸੇ ਆਪਣੇ ਹੀ ਸੂਬੇ ਵਿੱਚ ਅੰਮ੍ਰਿਤਧਾਰੀ ਨੌਜਵਾਨਾਂ ਦੀਆਂ ਦਸਤਾਰਾਂ ਰੋਲੀਆਂ ਜਾ ਰਹੀਆਂ ਹਨ। ਰੁਸਤਮ ਮੋਰਿੰਡਾ ਨੇ ਸਵਾਲ ਕੀਤਾ ਕਿ ਸਰਕਾਰ ਅਤੇ ਪੁਲਿਸ ਦੇ ਉੱਚ ਅਧਿਕਾਰੀ ਇਸ ਗੰਭੀਰ ਮਾਮਲੇ 'ਤੇ ਚੁੱਪ ਧਾਰ ਕੇ ਅੰਦਰਖਾਤੇ ਅਜਿਹੇ ਜ਼ਾਲਮ ਪੁਲਿਸ ਵਾਲਿਆਂ ਦੀ ਪੁਸ਼ਤਪਨਾਹੀ ਕਿਉਂ ਕਰ ਰਹੇ ਹਨ ?

**ਸਿੱਧੀ ਚੇਤਾਵਨੀ ਅਤੇ ਮੰਗਾਂ:** ਰੁਸਤਮ ਮੋਰਿੰਡਾ ਨੇ ਜਥੇਬੰਦੀ ਵੱਲੋਂ ਸਰਕਾਰ ਅਤੇ ਪ੍ਰਸ਼ਾਸਨ ਅੱਗੇ ਪ੍ਰਮੁੱਖ ਮੰਗਾਂ ਰੱਖਦਿਆਂ ਸਪੱਸ਼ਟ ਚੇਤਾਵਨੀ ਦਿੱਤੀ ਹੈ: ਧਾਰਮਿਕ ਬੇਅਦਬੀ ਅਤੇ ਇਰਾਦਾ-ਏ-ਕਤਲ ਦੀ ਧਾਰਾ ਜੋੜ ਕੇ ਕਾਰਵਾਈ: ਇਸ ਧੱਕੇਸ਼ਾਹੀ, ਗੰਭੀਰ ਅਤੇ ਕੇਸਾਂ ਤੇ ਦਸਤਾਰ ਦੀ ਬੇਅਦਬੀ ਕਰਨ ਵਾਲੇ ਦੋਸ਼ੀ ਪੁਲਿਸ ਮੁਲਾਜ਼ਮਾਂ 'ਤੇ ਤੁਰੰਤ ਧਾਰਮਿਕ ਭਾਵਨਾਵਾਂ ਭੜਕਾਉਣ/ਬੇਅਦਬੀ (ਧਾਰਾ 295-ਏ / BNS ਧਾਰਾ 299) ਅਤੇ ਇਰਾਦਾ-ਏ-ਕਤਲ ਦੀਆਂ ਸਖ਼ਤ ਧਾਰਾਵਾਂ ਤਹਿਤ ਮਾਮਲਾ ਦਰਜ ਕਰਕੇ ਉਨ੍ਹਾਂ ਨੂੰ ਨੌਕਰੀ ਤੋਂ ਬਰਖਾਸਤ ਕੀਤਾ ਜਾਵੇ। ਇਨਸਾਫ਼ ਦੀ ਮੰਗ: ਪੀੜਤ ਗੁਰਸਿੱਖ ਨੌਜਵਾਨ ਮੋਹਨਜੀਤ ਸਿੰਘ ਨੂੰ ਪੂਰਾ ਇਨਸਾਫ਼ ਅਤੇ ਯੋਗ ਡਾਕਟਰੀ ਇਲਾਜ ਮੁਹੱਈਆ ਕਰਵਾਇਆ ਜਾਵੇ। ਸੰਘਰਸ਼ ਦਾ ਐਲਾਨ: ਜੇਕਰ ਪ੍ਰਸ਼ਾਸਨ ਨੇ ਦੋਸ਼ੀ ਪੁਲਿਸ ਮੁਲਾਜ਼ਮਾਂ ਵਿਰੁੱਧ ਤੁਰੰਤ ਇਹ ਧਾਰਾਵਾਂ ਜੋੜ ਕੇ ਸਖ਼ਤ ਕਾਨੂੰਨੀ ਕਾਰਵਾਈ ਨਾ ਕੀਤੀ, ਤਾਂ ਭਾਰਤੀ ਕਿਸਾਨ ਯੂਨੀਅਨ ਪੁਆਧ ਇਨਸਾਫ਼ ਪਸੰਦ ਸੰਗਤਾਂ ਅਤੇ ਜਥੇਬੰਦੀਆਂ ਨੂੰ ਨਾਲ ਲੈ ਕੇ ਤਿੱਖਾ ਰੋਸ਼ ਪ੍ਰਦਰਸ਼ਨ ਕਰਨ ਲਈ ਮਜਬੂਰ ਹੋਵੇਗੀ, ਜਿਸ ਦੀ ਪੂਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਦੀ ਹੋਵੇਗੀ।

**-ਪਰਗਟ ਸਿੰਘ ਬਲਬੇੜਾ, 9022000070**

# ਵਾਰਡ ਨੰਬਰ 5 ਦਾ ਮੁਹੱਲਾ ਕਲੀਨਿਕ ਆਮ ਲੋਕਾਂ ਲਈ ਵਰਦਾਨ ਸਾਬਿਤ ਹੋ ਰਿਹਾ ਹੈ: ਮਨੀਸ਼ ਕੁਮਾਰ ਜਿੰਦਲ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਬਿਹਤਰ ਅਤੇ ਮੁਫਤ ਸਿਹਤ ਸਹੂਲਤਾਂ ਪ੍ਰਦਾਨ ਕਰਨ ਦੇ ਮਕਸਦ ਨਾਲ ਸ਼ੁਰੂ ਕੀਤੀ ਗਈ ਮੁਹੱਲਾ ਕਲੀਨਿਕ ਯੋਜਨਾ ਲੋਕਾਂ ਲਈ ਬਹੁਤ ਲਾਭਦਾਇਕ ਸਾਬਤ ਹੋ ਰਹੀ ਹੈ। ਆਮ ਆਦਮੀ ਪਾਰਟੀ ਦੀ ਸਿਹਤ ਕ੍ਰਾਂਤੀ ਤਹਿਤ ਖੋਲ੍ਹੇ ਗਏ ਮੁਹੱਲਾ ਕਲੀਨਿਕਾਂ ਵਿੱਚ ਲੋਕਾਂ ਨੂੰ ਮੁਫ਼ਤ ਡਾਕਟਰੀ ਇਲਾਜ, ਦਵਾਈਆਂ ਅਤੇ ਵੱਖ-ਵੱਖ ਟੈਸਟਾਂ ਦੀ ਸਹੂਲਤ ਦਿੱਤੀ ਜਾ ਰਹੀ ਹੈ। ਸ਼ਹਿਰ ਦੇ ਵਾਰਡ ਨੰਬਰ 5 ਨੇੜੇ ਸੀ.ਐਮ ਸਹਾਇਤਾ ਦੇ ਵਿੱਚ ਸਥਿਤ ਮੁਹੱਲਾ ਕਲੀਨਿਕ ਵਿੱਚ ਡਾ. ਇਤੀਸ਼ ਸਿੰਗਲਾ (ਐਮ.ਬੀ.ਬੀ.ਐਸ) ਵੱਲੋਂ ਲੋਕਾਂ ਨੂੰ ਆਪਣੀਆਂ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ। ਕਲੀਨਿਕ ਵਿੱਚ ਇਲਾਜ ਕਰਵਾਉਣ ਲਈ ਆਉਣ ਵਾਲੇ ਲੋਕਾਂ ਨਾਲ ਗੱਲਬਾਤ ਕਰਨ ਦੌਰਾਨ ਉਹ ਡਾ ਇਤੀਸ਼ ਸਿੰਗਲਾ ਦੀਆਂ ਸੇਵਾਵਾਂ ਤੋਂ ਬਹੁਤ ਖੁਸ਼ ਨਜ਼ਰ ਆਏ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਮਿਉਂਸਪਲ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਦੇ ਪਤੀ ਮਨੀਸ਼ ਜਿੰਦਲ ਰਿੰਕੂ ਨੇ ਕਿਹਾ ਕਿ ਡਾ. ਇਤੀਸ਼ ਸਿੰਗਲਾ ਦਾ ਸੁਭਾਅ ਬਹੁਤ ਹੀ ਮਿਲਣਸਾਰ ਹੈ ਅਤੇ ਉਹ ਮਰੀਜ਼ਾਂ ਦੀ ਪੂਰੀ ਤਸੱਲੀ ਨਾਲ ਜਾਂਚ ਕਰਕੇ ਉਨ੍ਹਾਂ ਨੂੰ ਵਧੀਆ ਇਲਾਜ ਮੁਹੱਈਆ ਕਰਵਾਉਂਦੇ ਹਨ। ਉਨ੍ਹਾਂ ਕਿਹਾ ਕਿ ਮੁਹੱਲਾ ਕਲੀਨਿਕ ਵਿੱਚ ਮਿਲ ਰਹੀਆਂ ਮੁਫਤ ਸਿਹਤ ਸਹੂਲਤਾਂ ਨਾਲ ਆਮ ਲੋਕਾਂ ਨੂੰ ਵੱਡੀ ਰਾਹਤ ਮਿਲ ਰਹੀ ਹੈ। ਇਸ ਮੌਕੇ ਲੋਕਾਂ ਨੇ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਵੀ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਮੁਫ਼ਤ ਟੈਸਟ, ਮੁਫਤ ਦਵਾਈਆਂ ਅਤੇ ਮੁਫਤ ਡਾਕਟਰੀ ਇਲਾਜ ਦੀ ਸਹੂਲਤ ਦੇ ਕੇ ਲੋਕਾਂ ਦੇ ਭਲੇ ਲਈ ਸ਼ਲਾਘਾਯੋਗ ਕੰਮ ਕੀਤਾ ਜਾ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਪੰਜਾਬ ਸਰਕਾਰ ਦੀ ਤੀਰਥ ਯਾਤਰਾ ਯੋਜਨਾ ਤਹਿਤ

# ਪਿੰਡ ਗਾਟਵਾਲੀ ਤੋਂ ਦੋ ਬੱਸਾਂ ਰਵਾਨਾ







ਤਲਵੰਡੀ ਸਾਬੋ, 4 ਸਤੰਬਰ (ਗੁਰਜੰਟ ਸਿੰਘ ਨਥੇਹਾ)- ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਚਲਾਈ ਜਾ ਰਹੀ ਤੀਰਥ ਯਾਤਰਾ ਯੋਜਨਾ ਤਹਿਤ ਹਲਕਾ ਤਲਵੰਡੀ ਸਾਬੋ ਦੀ ਵਿਧਾਇਕਾ ਅਤੇ ਕੈਬਨਿਟ ਰੈਂਕ ਪ੍ਰੋ. ਬਲਜਿੰਦਰ ਕੌਰ ਦੀ ਅਗਵਾਈ ਹੇਠ ਪਿੰਡ ਗਾਟਵਾਲੀ ਤੋਂ ਦੋ ਬੱਸਾਂ ਸ਼ਰਧਾਲੂਆਂ ਨੂੰ ਲੈ ਕੇ ਰਵਾਨਾ ਹੋਈਆਂ। ਇਸ ਮੌਕੇ ਯਾਤਰਾ 'ਤੇ ਜਾਣ ਵਾਲੇ ਸ਼ਰਧਾਲੂਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਤੀਰਥ ਯਾਤਰਾ ਦੌਰਾਨ ਸ਼ਰਧਾਲੂ ਸਾਲਾਸਰ ਬਾਲਾਜੀ, ਖਾਟੂ ਸ਼ਿਆਮ ਜੀ ਸਮੇਤ ਵੱਖ-ਵੱਖ ਪ੍ਰਸਿੱਧ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨਗੇ। ਯਾਤਰਾ ਦੌਰਾਨ ਸ਼ਰਧਾਲੂਆਂ ਲਈ ਆਉਣ-ਜਾਣ, ਰਹਿਣ ਅਤੇ ਹੋਰ ਲੋੜੀਂਦੇ ਪ੍ਰਬੰਧ ਪੰਜਾਬ ਸਰਕਾਰ ਵੱਲੋਂ ਕੀਤੇ ਗਏ ਹਨ। ਬੱਸਾਂ ਦੀ ਰਵਾਨਗੀ ਮੌਕੇ ਯਾਤਰੀਆਂ ਅਤੇ ਪਿੰਡ ਵਾਸੀਆਂ ਵਿੱਚ ਖ਼ੁਸ਼ੀ ਦਾ ਮਾਹੌਲ ਬਣਿਆ ਰਿਹਾ। ਪਿੰਡ ਦੇ ਸਰਪੰਚ ਰਾਮਪਾਲ ਸਿੰਘ ਨੇ ਕਿਹਾ ਕਿ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਦੀ ਉਨ੍ਹਾਂ ਦੀ ਇੱਛਾ ਇਸ ਯੋਜਨਾ ਰਾਹੀਂ ਪੂਰੀ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਕੀਤੇ ਇਸ ਉਪਰਾਲੇ ਨਾਲ ਆਮ ਲੋਕਾਂ ਨੂੰ ਵੱਡੀ ਸਹੂਲਤ ਮਿਲ ਰਹੀ ਹੈ। ਯਾਤਰੀਆਂ ਨੇ ਪੰਜਾਬ ਸਰਕਾਰ ਅਤੇ ਹਲਕਾ ਵਿਧਾਇਕਾ ਪ੍ਰੋ. ਬਲਜਿੰਦਰ ਕੌਰ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੀਆਂ ਯਾਤਰਾਵਾਂ ਲੋਕਾਂ ਨੂੰ ਧਾਰਮਿਕ ਸਥਾਨਾਂ ਨਾਲ ਜੋੜਨ ਦੇ ਨਾਲ-ਨਾਲ ਉਨ੍ਹਾਂ ਲਈ ਆਤਮਿਕ ਸ਼ਾਂਤੀ ਦਾ ਸਾਧਨ ਵੀ ਬਣਦੀਆਂ ਹਨ। ਇਸ ਮੌਕੇ ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਤੀਰਥ ਯਾਤਰਾ ਯੋਜਨਾ ਰਾਹੀਂ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਉਨ੍ਹਾਂ ਯਾਤਰੀਆਂ ਨੂੰ ਸੁਰੱਖਿਅਤ ਅਤੇ ਸੁਖਦ ਯਾਤਰਾ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਪਿੰਡ ਦੇ ਸਰਪੰਚ ਰਾਮਪਾਲ ਸਿੰਘ, ਪੰਚਾਇਤੀ ਨੁਮਾਇੰਦੇ, ਪਾਰਟੀ ਆਗੂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# 'ਖੇਡਾਂ ਵਤਨ ਪੰਜਾਬ ਦੀਆਂ-2026' ਸੀਜ਼ਨ-4 ਲਈ ਰਜਿਸਟ੍ਰੇਸ਼ਨ ਕਰਵਾਉਣ ਖਿਡਾਰੀ: ਡਿਪਟੀ ਕਮਿਸ਼ਨਰ

## ਬਲਾਕ ਪੱਧਰੀ ਖੇਡਾਂ 7 ਤੋਂ 12 ਸਤੰਬਰ ਅਤੇ ਜ਼ਿਲ੍ਹਾ ਪੱਧਰੀ ਮੁਕਾਬਲੇ 20 ਤੋਂ 26 ਸਤੰਬਰ ਤੱਕ ਕਰਵਾਏ



ਹੁਸ਼ਿਆਰਪੁਰ, 3 ਸਤੰਬਰ (ਬਲਵੀਰ ਸਿੰਘ ਸੈਣੀ)-ਪੰਜਾਬ ਸਰਕਾਰ ਦੇ ਖੇਡ ਵਿਭਾਗ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਉਨ੍ਹਾਂ ਦੀ ਪ੍ਰਤਿਭਾ ਨੂੰ ਨਿਖਾਰਨ ਦੇ ਉਦੇਸ਼ ਨਾਲ 'ਖੇਡਾਂ ਵਤਨ ਪੰਜਾਬ ਦੀਆਂ-2026' ਸੀਜ਼ਨ-4 ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਬਲਾਕ ਪੱਧਰੀ ਖੇਡ ਮੁਕਾਬਲੇ 7 ਤੋਂ 12 ਸਤੰਬਰ 2026 ਤੱਕ, ਜਦਕਿ ਜ਼ਿਲ੍ਹਾ ਪੱਧਰੀ ਖੇਡ ਮੁਕਾਬਲੇ 20 ਤੋਂ 26 ਸਤੰਬਰ 2026 ਤੱਕ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਬਲਾਕ ਪੱਧਰ 'ਤੇ ਇਸ ਸਾਲ 7 ਖੇਡਾਂ ਦੇ ਮੁਕਾਬਲੇ ਕਰਵਾਏ ਜਾ ਰਹੇ ਹਨ। ਇਸ ਵਾਰ ਟੈਨਿਸ ਕ੍ਰਿਕਟ ਨੂੰ ਵੀ ਖੇਡਾਂ ਵਿੱਚ ਸ਼ਾਮਲ ਕੀਤਾ ਗਿਆ ਹੈ। ਇਸੇ ਤਰ੍ਹਾਂ ਜ਼ਿਲ੍ਹਾ ਪੱਧਰ 'ਤੇ 29 ਵੱਖ-ਵੱਖ ਖੇਡਾਂ ਦੇ ਮੁਕਾਬਲੇ ਕਰਵਾਏ ਜਾਣਗੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਬਲਾਕ ਪੱਧਰੀ ਮੁਕਾਬਲਿਆਂ ਲਈ ਹੁਣ ਤੱਕ ਸਿਰਫ਼ 186 ਖਿਡਾਰੀਆਂ/ਟੀਮਾਂ ਨੇ ਆਨਲਾਈਨ ਰਜਿਸਟ੍ਰੇਸ਼ਨ ਕਰਵਾਈ ਹੈ, ਜਿਨ੍ਹਾਂ ਵਿੱਚ ਵਿਅਕਤੀਗਤ ਮੁਕਾਬਲਿਆਂ ਲਈ 164 ਖਿਡਾਰੀ ਅਤੇ ਟੀਮ ਮੁਕਾਬਲਿਆਂ ਲਈ 22 ਟੀਮਾਂ ਨੇ ਸਪੋਰਟਸ ਪੋਰਟਲ 'ਤੇ ਰਜਿਸਟ੍ਰੇਸ਼ਨ ਕਰਵਾਈ ਹੈ। ਇਸੇ ਤਰ੍ਹਾਂ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਲਈ ਹੁਣ ਤੱਕ 358 ਖਿਡਾਰੀਆਂ/ਟੀਮਾਂ ਨੇ ਆਨਲਾਈਨ ਰਜਿਸਟ੍ਰੇਸ਼ਨ ਕਰਵਾਈ ਹੈ, ਜਿਨ੍ਹਾਂ ਵਿੱਚ 352 ਖਿਡਾਰੀਆਂ ਨੇ ਵਿਅਕਤੀਗਤ ਮੁਕਾਬਲਿਆਂ ਅਤੇ 6 ਟੀਮਾਂ ਨੇ ਟੀਮ ਮੁਕਾਬਲਿਆਂ ਲਈ ਰਜਿਸਟ੍ਰੇਸ਼ਨ ਕਰਵਾਈ ਹੈ। ਉਨ੍ਹਾਂ ਦੱਸਿਆ ਕਿ ਖੇਡਾਂ ਵਿੱਚ ਭਾਗ ਲੈਣ ਦੇ ਇੱਛੁਕ ਖਿਡਾਰੀਆਂ ਲਈ ਆਨਲਾਈਨ ਰਜਿਸਟ੍ਰੇਸ਼ਨ ਖੁੱਲ੍ਹੀ ਹੋਈ ਹੈ। ਇਸ ਲਈ ਜ਼ਿਲ੍ਹੇ ਦੇ ਖਿਡਾਰੀਆਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਆਖਰੀ ਮਿਤੀ ਦੀ ਉਡੀਕ ਕੀਤੇ ਬਿਨਾਂ ਪੰਜਾਬ ਖੇਡ ਵਿਭਾਗ ਦੇ ਆਨਲਾਈਨ ਪੋਰਟਲ 'ਤੇ ਜਾ ਕੇ ਆਪਣੀ ਰਜਿਸਟ੍ਰੇਸ਼ਨ ਯਕੀਨੀ ਬਣਾਉਣ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਵੱਧ ਤੋਂ ਵੱਧ ਖਿਡਾਰੀਆਂ ਨੂੰ 'ਖੇਡਾਂ ਵਤਨ ਪੰਜਾਬ ਦੀਆਂ-2026' ਵਿੱਚ ਉਤਸ਼ਾਹ ਨਾਲ ਭਾਗ ਲੈਣ ਦੀ ਅਪੀਲ ਕਰਦਿਆਂ ਕਿਹਾ ਕਿ ਖੇਡਾਂ ਨਾ ਸਿਰਫ਼ ਸਰੀਰਕ ਅਤੇ ਮਾਨਸਿਕ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ, ਸਗੋਂ ਨੌਜਵਾਨਾਂ ਨੂੰ ਅਨੁਸ਼ਾਸਨ, ਟੀਮ ਭਾਵਨਾ ਅਤੇ ਸਕਾਰਾਤਮਕ ਸੋਚ ਨਾਲ ਅੱਗੇ ਵਧਣ ਦਾ ਮੌਕਾ ਵੀ ਪ੍ਰਦਾਨ ਕਰਦੀਆਂ ਹਨ ਜੇ ਤੁਸੀਂ ਚਾਹੋ, ਮੈਂ ਇਸਨੂੰ ਅਖਬਾਰੀ ਖ਼ਬਰ ਦੀ ਹੋਰ ਪ੍ਰਭਾਵਸ਼ਾਲੀ ਪੰਜਾਬੀ ਸ਼ੈਲੀ ਵਿੱਚ ਵੀ ਤਿਆਰ ਕਰ ਸਕਦਾ ਹਾਂ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਡਗਾਣਾ ਕਲਾਂ ਤੋਂ ਬੱਸ ਰਵਾਨਾ ਕੀਤੀ ਗਈ



**ਹੁਸ਼ਿਆਰਪੁਰ, ਸ਼ਾਮਚੁਰਾਸੀ, 4 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਵਿੱਚ ਪੈਂਦੇ ਪਿੰਡ ਡਗਾਣਾ ਕਲਾਂ ਤੋਂ ਸੰਗਤ ਨੂੰ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਦਰਸ਼ਨਾਂ ਲਈ ਲੈ ਕੇ ਜਾਣ ਵਾਲੀ ਬੱਸ ਰਵਾਨਾ ਕੀਤੀ ਗਈ। ਇਹ ਬੱਸ ਨਸ਼ਾ ਮੁਕਤੀ ਮੋਰਚਾ ਦੇ ਹਲਕਾ ਸ਼ਾਮਚੁਰਾਸੀ ਦੇ ਕੋਆਰਡੀਨੇਟਰ ਪਰਵਿੰਦਰ ਸਿੰਘ ਸੱਜਣ ਅਤੇ ਹਲਕਾ ਸ਼ਾਮਚੁਰਾਸੀ ਦੀ ਆਪ ਦੀ ਮਹਿਲਾ ਵਿੰਗ ਦੀ ਪ੍ਰਧਾਨ ਰਜਵੰਤ ਕੌਰ ਧਾਮੀ ਦੀ ਅਗਵਾਈ ਹੇਠ ਸਰਪੰਚ ਰਵੀਇੰਦਰ ਸਿੰਘ ਵੱਲੋਂ ਹਰੀ ਝੰਡੀ ਦਿਖਾ ਕੇ ਰਵਾਨਾ ਕੀਤੀ ਗਈ। ਇਸ ਮੌਕੇ ਸਰਪੰਚ ਪਰਵਿੰਦਰ ਸਿੰਘ ਸੱਜਣ ਅਤੇ ਰਜਵੰਤ ਕੌਰ ਧਾਮੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਸ਼ਰਧਾਲੂਆਂ ਲਈ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ, ਇਸ ਸਕੀਮ ਰਾਹੀਂ ਲੱਖਾਂ ਲੋਕਾਂ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲਿਆ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਅਜਿਹੇ ਉਪਰਾਲੇ ਕੀਤੇ ਜਾ ਰਹੇ ਹਨ। ਇਸ ਮੌਕੇ ਸਰਪੰਚ ਹਰਦੀਪ ਸਿੰਘ ਅਖਲਾਸਪੁਰ, ਰਾਜਵੀਰ ਕੌਰ ਬਲਾਕ ਕੋਆਰਡੀਨੇਟਰ, ਰਮਨਦੀਪ ਕੌਰ, ਜਸਵੀਰ ਕੌਰ, ਜਗਦੀਪ ਕੌਰ, ਅੰਮ੍ਰਿਤਪਾਲ ਕੌਰ, ਦਵਿੰਦਰ ਧਾਮੀ ਅਤੇ ਲੱਕੀ ਧਾਮੀ ਸਮੇਤ ਹੋਰ ਆਗੂ ਅਤੇ ਪਿੰਡ ਵਾਸੀ ਹਾਜ਼ਰ ਸਨ।

# ਜੋਨ ਸ਼ੇਰਗੜ੍ਹ ਦੀ ਅਥਲੈਟਿਕ ਮੀਟ ਸ਼ਾਨੋ ਸ਼ੌਕਤ ਨਾਲ ਸਮਾਪਤ

ਹੁਸ਼ਿਆਰਪੁਰ, 4 ਸਤੰਬਰ (ਆਵਾਜ਼ਿ ਕੌਮ ਬਿਊਰੋ)-ਸਿੱਖਿਆ ਵਿਭਾਗ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਅਤੇ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਸਿੱਖਿਆ ਸ਼੍ਰੀਮਤੀ ਹਰਜਿੰਦਰ ਕੌਰ ਜੀ ਦੀ ਰਹਿਨੁਮਾਈ ਹੇਠ ਸੈਸ਼ਨ 2026-27 ਦੀ ਅਥਲੈਟਿਕ ਮੀਟ ਜੋਨ ਪ੍ਰਧਾਨ ਪ੍ਰਿੰਸੀਪਲ ਸ਼੍ਰੀ ਰਾਜਨ ਅਰੋੜਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸ਼ੇਰਗੜ੍ਹ ਅਤੇ ਜੋਨ ਸਕੱਤਰ ਸ਼੍ਰੀਮਤੀ ਕੁਲਵੀਰ ਕੌਰ ਲੈਕਚਰਾਰ ਐਸਓਈ ਪੁਰਹੀਰਾਂ ਦੀ ਯੋਗ ਅਗਵਾਈ ਵਿੱਚ ਸੰਪੂਰਨ ਹੋਈ। ਇਹ ਅਥਲੈਟਿਕ ਮੀਟ 01 ਸਤੰਬਰ 2026 ਤੋਂ 3 ਸਤੰਬਰ 2026 ਤੱਕ ਕਰਵਾਈ ਗਈ। ਇਸ ਅਥਲੈਟਿਕ ਮੀਟ ਵਿੱਚ ਲੜਕੇ /ਲੜਕੀਆਂ ਅੰਡਰ 14,17,19 ਸਭ ਨੇ ਭਾਗ ਲਿਆ। ਜਿਸ ਦਾ ਨਤੀਜਾ ਅੰਡਰ-14, 100 ਮੀ ਲੜਕੇ ਪਹਿਲਾ ਸਥਾਨ ਰਾਜੀਵ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜੱਲੋਵਾਲ ਖਨੂਰ, ਦੂਜਾ ਸਥਾਨ ਰਾਜਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਿਪਲਾਂਵਾਲਾ, 400ਮੀ ਪਹਿਲਾ ਸਥਾਨ ਰਾਜਨ ਸਰਕਾਰੀ ਸੀਨੀਅਰ ਸੈਕੰਡਰੀ ਪਿੱਪਲਾਂਵਾਲਾ, ਦੂਜਾ ਸਥਾਨ ਸਾਹਿਲ ਜੀਐਮਏ ਸਿਟੀ ਪਬਲਿਕ ਸਕੂਲ ਚੱਬੇਵਾਲ। ਲੰਬੀ ਛਾਲ ਅੰਡਰ-14 ਵਿੱਚ ਪਹਿਲਾ ਸਥਾਨ ਸਾਹਿਲ ਕੁਮਾਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਿੱਪਲਾਂਵਾਲਾ ਫੈਜਾਨ, ਦੂਜਾ ਸਥਾਨ ਫੈਜਾਨ ਸੀਨੀਅਰ ਸੈਕੰਡਰੀ ਸਕੂਲ ਮਹਿਲਾਂ ਵਾਲੀ, ਸ਼ਾਟ ਪੁੱਟ ਅੰਡਰ-14 ਲੜਕੇ ਪਹਿਲਾ ਸਥਾਨ ਕਰਮ ਸਿੰਘ ਰਿਆਤ ਬਾਹਰਾ ਇੰਟਰਨੈਸ਼ਨਲ ਸਕੂਲ, ਦੂਜਾ ਸਥਾਨ ਵਿਵੇਕ ਸ਼ਰਮਾ ਟੋਲਰਜ ਹੋਮ ਸਕੂਲ। ਅੰਡਰ17 ਲੜਕੇ 100 ਮੀਟਰ ਵਿੱਚ ਪਹਿਲਾ ਸਥਾਨ ਗੁਲਾਬ ਸਿੰਘ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ, ਦੂਜਾ ਸਥਾਨ ਲਵਪ੍ਰੀਤ ਜੀਐਮਏ ਸਿਟੀ ਪਬਲਿਕ ਸਕੂਲ ਸਿੰਗੜੀਵਾਲਾ। 400ਮੀ ਪਹਿਲਾ ਸਥਾਨ ਕਰਨਵੀਰ ਸਿੰਘ ਗੁਰੂ ਕੂਲ ਸਕੂਲ ਹੁਸ਼ਿਆਰਪੁਰ, ਦੂਜਾ ਸਥਾਨ ਵਿਸ਼ਾਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜੱਲੋਵਾਲ ਲੰਬੀ ਛਾਲ ਵਿੱਚ ਬਰਜੇਸ਼ ਸਰਕਾਰੀ ਹਾਈ ਸਕੂਲ ਬਜਵਾੜਾ, ਦੂਜਾ ਸਥਾਨ ਲਵਪ੍ਰੀਤ ਜੀਐਮਏ ਸਿਟੀ ਪਬਲਿਕ ਸਕੂਲ ਸਿੰਗੜੀਵਾਲਾ। ਸ਼ਾਟ ਪੁੱਟ ਪਹਿਲਾ ਸਥਾਨ ਤਰਨਵੀਰ ਸਿੰਘ ਜੀਐਮਏ ਸਿਟੀ ਪਬਲਿਕ ਸਕੂਲ ਚੱਬੇਵਾਲ, ਦੂਜਾ ਸਥਾਨ ਬਲਰਾਜ ਰਿਆਤ ਬਹਾਰਾ ਇੰਟਰਨੈਸ਼ਨਲ ਸਕੂਲ, 1500ਮੀ ਪਹਿਲਾ ਸਥਾਨ ਗੋਲੂ ਜੈਨ ਚੱਬੇਵਾਲ, ਦੂਜਾ ਸਥਾਨ ਆਕਾਸ਼ ਕੁਮਾਰ ਐਸਓਈ ਪੁਰ ਹੀਰਾ। 3000ਮੀ ਪਹਿਲਾ ਸਥਾਨ ਸੰਦੀਪ ਕੁਮਾਰ ਰਾਏ ਐਸਓਈ ਪੁਰ ਹੀਰਾ, ਦੂਜਾ ਸਥਾਨ ਭੁਪਿੰਦਰ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੋਹਣ, 4×100ਮੀ. ਪਹਿਲਾ ਸਥਾਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੋਹਣ, 4×400ਮੀ. ਪਹਿਲਾ ਸਥਾਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੋਹਣ। ਅੰਡਰ-19 ਲੜਕੇ ਲੰਬੀ ਛਾਲ ਵਿੱਚ ਪਹਿਲਾ ਸਥਾਨ ਹਰਮਨਦੀਪ ਸਿੰਘ ਰਿਆਤ ਬਹਾਰਾਂ ਇੰਟਰਨੈਸ਼ਨਲ ਸਕੂਲ ਦੂਜਾ ਸਥਾਨ ਜਸ਼ਨ ਪਠਾਣੀਆ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹਿਲਾਂਵਾਲੀ। ਸ਼ਾਟ ਪੁੱਟ ਵਿੱਚ ਪਹਿਲਾਂ ਸਥਾਨ ਰਿਦਮ ਸਹੋਤਾ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਬੋਹਣ ਦੂਜਾ ਸਥਾਨ ਮਨਮੋਹਿਤ ਬੈਂਸ ਰਿਆਤ ਬਹਾਰਾ ਇੰਟਰਨੈਸ਼ਨਲ ਸਕੂਲ। ਲੜਕੀਆਂ ਅੰਡਰ 14, 100.ਮੀ ਵਿੱਚ ਪਹਿਲਾ ਸਥਾਨ ਪ੍ਰਾਬਲਿਨ ਕੌਰ ਜੀ ਐਮਏ ਸਿਟੀ ਪਬਲਿਕ ਸਕੂਲ ਸਿੰਗੜੀਵਾਲਾ, ਦੂਜਾ ਸਥਾਨ ਰੇਖਾ ਕੌਰ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਨਾਰੂਨੰਗਲ। ਲੰਬੀ ਛਾਲ ਅੰਡਰ 14 ਲੜਕੀਆਂ ਪਹਿਲਾ ਸਥਾਨ ਇੰਦਰਪ੍ਰੀਤ ਡੀਏਵੀ ਮਾਡਲ ਸਕੂਲ ਪੱਟੀ, ਦੂਜਾ ਸਥਾਨ ਜਸਪ੍ਰੀਤ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਨਾਰੂਨੰਗਲ। ਸ਼ਾਟ ਪੁੱਟ ਲੜਕੀਆਂ ਪਹਿਲਾਂ ਸਥਾਨ ਮਨਪ੍ਰੀਤ ਕੌਰ ਡੀਏਵੀ ਮਾਡਲ ਸਕੂਲ ਪੱਟੀ, ਦੂਜਾ ਸਥਾਨ ਜਸਕੀਰਤ ਕੌਰ ਅਕੈਡਮਿਕ ਹਾਈਟ ਸਕੂਲ ਚੱਗਰਾ। 4×100 ਰਿਲੇਅ ਅੰਡਰ 14 ਲੜਕੀਆਂ ਪਹਿਲਾਂ ਸਥਾਨ ਡੀਏਵੀ ਮਾਡਲ ਸਕੂਲ ਪੱਟੀ, ਦੂਜਾ ਸਥਾਨ ਅਕੈਡਮਿਕ ਹਾਈਟ ਸਕੂਲ ਚੱਗਰਾਂ ਅੰਡਰ 17 ਲੜਕੀਆਂ 800 ਮੀਟਰ ਵਿੱਚ ਪਹਿਲਾ ਸਥਾਨ ਰਜਿੰਦਰ ਕੌਰ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਨਾਰੂਨੰਗਲ ਸਕੂਲ, ਦੂਜਾ ਸਥਾਨ ਮਨੀਸ਼ਾ ਕੁਮਾਰੀ ਐਸ ਓਈ ਪੁਰਹੀਰਾ। ਲੰਬੀ ਛਾਲ ਵਿੱਚ ਪਹਿਲਾ ਸਥਾਨ ਰਜਨੀਤ ਕੌਰ ਜੀਐਮਏ ਸਿਟੀ ਪਬਲਿਕ ਸਕੂਲ ਸਿੰਗੜੀਵਾਲਾ, ਦੂਜਾ ਸਥਾਨ ਨੰਨਿਆ ਕੌਰ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਨਾਰੂ ਨੰਗਲ, ਸ਼ਾਟ ਪੁੱਟ ਅੰਡਰ 17 ਲੜਕੀਆਂ ਪਹਿਲਾ ਸਥਾਨ ਸਿਮਰਨ ਰਿਆਤ ਬਹਾਰਾਂ ਸਕੂਲ, ਦੂਜਾ ਸਥਾਨ ਸੋਹਮ ਸ਼ਰਮਾ ਸੈਂਟ ਜੋਸਫ ਸਕੂਲ ਰਿਲੇਅ ਅੰਡਰ 17 ਲੜਕੀਆਂ ਪਹਿਲਾਂ ਸਥਾਨ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਨਾਰੂਨੰਗਲ, ਦੂਜਾ ਸਥਾਨ ਜੀਐਮਏ ਸਕੂਲ ਸਿੰਗੜੀਵਾਲਾ। ਅੰਡਰ 19 ਲੜਕੀਆਂ 100 ਮੀਟਰ ਵਿੱਚ ਪਹਿਲਾਂ ਸਥਾਨ ਜਸਪ੍ਰੀਤ ਕੌਰ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਨਾਰੂ ਨੰਗਲ, ਦੂਜਾ ਸਥਾਨ ਤਾਨੀਆ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਪਿੱਪਲਾਵਾਲਾ। 800 ਮੀਟਰ ਦੌੜ ਵਿੱਚ ਪਹਿਲਾ ਸਥਾਨ ਸੰਦੀਪ ਕੌਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨਾਰੂਨੰਗਲ, ਦੂਜਾ ਸਥਾਨ ਰਕਿਆ ਮਾਨੂ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਮਹਿਲਾਂਵਾਲੀ। ਲੰਬੀ ਛਾਲ ਅੰਡਰ 19 ਲੜਕੀਆਂ ਪਹਿਲਾ ਸਥਾਨ ਪੂਜਾ ਕੌਰ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਨਾਰੂਨੰਗਲ, ਦੂਜਾ ਸਥਾਨ ਕਿਰਨਜੋਤ ਕੌਰ ਰਿਆਤ ਬਹਾਰਾ ਇੰਟਰਨੈਸ਼ਨਲ ਸਕੂਲ। ਸਾਟ ਪੁੱਟ ਅੰਡਰ 19 ਲੜਕੀਆਂ ਵਿੱਚ ਗੁਰਸਿਮਰਨ ਕੌਰ ਐਸਡੀ ਕਾਲਜੀਏਟ ਦੂਜਾ ਸਥਾਨ, ਜੈਸਮੀਨ ਕੌਰ ਰਿਆਤ ਬਹਾਰਾਂ ਇੰਟਰਨੈਸ਼ਨਲ ਸਕੂਲ। 4×100 ਰਿਲੇਅ ਅੰਡਰ 19 ਲੜਕੀਆਂ ਵਿੱਚ ਪਹਿਲਾ ਸਥਾਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨਾਰੂ ਨੰਗਲ, ਦੂਜਾ ਸਥਾਨ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਜੱਲੋਵਾਲ ਖਨੂਰ। 800 ਮੀਟਰ ਦੌੜ ਵਿੱਚ ਪਹਿਲਾ ਸਥਾਨ ਸੰਦੀਪ ਕੌਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨਾਰੂਨੰਗਲ, ਦੂਜਾ ਸਥਾਨ ਰਕਿਆ ਮਾਨੂ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਮਹਿਲਾਂਵਾਲੀ। ਲੰਬੀ ਛਾਲ ਅੰਡਰ 19 ਲੜਕੀਆਂ ਪਹਿਲਾ ਸਥਾਨ ਪੂਜਾ ਕੌਰ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਨਾਰੂਨੰਗਲ, ਦੂਜਾ ਸਥਾਨ ਕਿਰਨਜੋਤ ਕੌਰ ਰਿਆਤ ਬਹਾਰਾ ਇੰਟਰਨੈਸ਼ਨਲ ਸਕੂਲ। ਸਾਟ ਪੁੱਟ ਅੰਡਰ 19 ਲੜਕੀਆਂ ਵਿੱਚ ਗੁਰਸਿਮਰਨ ਕੌਰ ਐਸਡੀ ਕਾਲਜੀਏਟ ਦੂਜਾ ਸਥਾਨ, ਜੈਸਮੀਨ ਕੌਰ ਰਿਆਤ ਬਹਾਰਾਂ ਇੰਟਰਨੈਸ਼ਨਲ ਸਕੂਲ। 4×100 ਰਿਲੇਅ ਅੰਡਰ 19 ਲੜਕੀਆਂ ਵਿੱਚ ਪਹਿਲਾ ਸਥਾਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨਾਰੂ ਨੰਗਲ, ਦੂਜਾ ਸਥਾਨ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਜੱਲੋਵਾਲ ਖਨੂਰ। ਇਸ ਮੌਕੇ ਵਿੱਚ ਨਰੇਸ਼ ਕੁਮਾਰ ਮਹਿਲਾਂਵਾਲੀ, ਹੇਮਰਾਜ ਬਹਾਦਰਪੁਰ ਬਾਈਆਂ, ਪ੍ਰਭਜੋਤ ਸਿੰਘ ਲੈਕਚਰਾਰ ਬੋਹਣ, ਸੁਰਜੀਤ ਸਿੰਘ ਲੈਕਚਰਾਰ ਸਰਕਾਰੀ ਸੀਨੀਅਰ ਸੈਕੈਂਡਰੀ ਸਕੂਲ ਨਾਰੂ ਨੰਗਲ, ਸ਼੍ਰੀਮਤੀ ਅਰਵਿੰਦਰ ਕੌਰ ਜੱਲੋਵਾਲ ਖਨੂਰ, ਸ਼੍ਰੀਮਤੀ ਰੇਖਾ ਡੀਪੀਈ ਪੱਟੀ, ਸ਼੍ਰੀਮਤੀ ਕੁਲਵੀਰ ਕੌਰ ਲੈਕਚਰਾਰ ਐਸ ਓ ਈ ਪੁਰ ਹੀਰਾ, ਸ਼੍ਰੀਮਤੀ ਜਸਵਿੰਦਰ ਕੌਰ ਬਜਵਾੜਾ, ਸ਼੍ਰੀਮਤੀ ਰਵਨੀਤ ਕੌਰ ਬਜਰਾਵਰ, ਸ਼੍ਰੀਮਤੀ ਹਰਪ੍ਰੀਤ ਡੀਪੀਈ ਡੀਏਵੀ ਮਾਡਲ ਸਕੂਲ ਪੱਟੀ ਆਦਿ ਹਾਜ਼ਰ ਸਨ।